੦੩੩

ਸਤਿਗੁਰੂ (੧)

(ਲੇਖਕ: ਮਾ: ਜੁਗਿੰਦਰ ਸਿੰਘ)

ਤਤਕਰਾ/ਪਰਕਰਣ

੧. ਸਤਿਗੁਰੂ ਸਭ ਤੋਂ ਵੱਡਾ

੨. ਗਿਣਤੀ ਸਤਿਗੁਰ ਸ਼ਬਦ

੩. ਸਤਿਗੁਰ ਸ਼ਬਦ ਦੇ ਲਿਖਤੀ ਰੂਪ

(੧) ਸਤਿਗੁਰ

(੨) ਸਤਿਗੁਰਿ

(੩) ਸਤਗੁਰੁ

(੪) ਸਤਿਗੁਰੁ

(੫) ਸਤਗੁਰ

(੬) ਸਤਗੁਰਿ

(੭) ਸਤਗੁਰੂ

(੮) ਸਤਿਗੁਰੂ

(੯) ਸਤਿਗੁਰਾ

੪. ਸਤਿਗੁਰ ਸ਼ਬਦ ਦੀ ਵਰਤੋਂ

(੧) ਵਾਹਿਗੁਰੂ ਲਈ

(੨) ਗੁਰੂ ਜੋਤਿ ਲਈ

੫. ਸਤਿਗੁਰੂ ਦੇ ਲਕਸ਼ਨ

੧. ਪਰਮੇਸ਼ਵਰ ਸਰੂਪ

੨. ਨਾਮ ਅਥਵਾ ਸ਼ਬਦੁ ਦਾਤਾ ਤੇ ਅਸਲ ਸੱਚੁ ਦਾਤਾ

੩. ਨਾਮ ਦ੍ਰਿੜਾਇਕ

੪. ਨਾਮ ਅੰਮ੍ਰਿਤ ਅਥਵਾ ਸ਼ਬਦ ਸਰੂਪ

੫. ਸਚੀ ਭਗਤੀ ਦਾਤਾ

੬. ਮੁਕਤੀ, ਭਗਤੀ ਦਾਤਾ

੭. ਸਚੇ ਸੁਖ ਦਾ ਦਾਤਾ

੮. ਆਨੰਦ ਪ੍ਰਦਾਤਾ

੯. ਜੋਤਿ ਪ੍ਰਕਾਸ਼ਕ ਅਥਵਾ ਨਾਮ ਪ੍ਰਕਾਸ਼ਕ

੧੦. ਗੁਰ ਬਾਣੀ ਪ੍ਰਕਾਸ਼ਕ

੧੧. ਬਿਖੁ ਭਵਜਲੋਂ ਪਾਰ ਉਤਾਰਾ ਕਰਨਹਾਰਾ॥

੧੨. ਮਨੋ ਕਾਮਨਾ ਅਥਵਾ ਸਰਬ ਇੱਛਾ ਪੂਰਨ ਕਰਨਹਾਰਾ॥

੧੩. ਕਾਮ, ਕ੍ਰੋਧ, ਲੋਭ, ਮੋਹ, ਹੰਕਾਰ ਆਦਿਕ ਪੰਜੇ ਦੂਤ ਵਸਿ ਕਰਨਹਾਰਾ

੧੪. ਸਗਲ ਦੁੱਖਾਂ ਨੂੰ ਨਾਸ਼ ਕਰਨਹਾਰਾ

੧੫. ਸਗਲ ਪਾਪਾਂ ਸੰਤਾਪਾਂ ਕਸੰਮਲਾਂ ਰੋਗਾਂ ਸੋਗਾਂ ਨੂੰ ਦੂਰ ਕਰਨਹਾਰਾ

੧੬. ਪਤੀ ਪ੍ਰਮਾਤਮਾ ਨੂੰ ਮੇਲਣਹਾਰਾ

੧੭. ਸਚੀ ਸਾਂਤੀ ਸਚੀ ਸੀਤਲਤਾ ਬਖਸ਼ਣਹਾਰਾ॥

੧੮. ਜੰਮਣ ਮਰਣ ਤੋਂ ਰਹਿਤ ਕਰਣਹਾਰਾ॥

੧੯. ਜਮਕਾਲ, ਜਮਡੰਡ ਤੋਂ ਛੁਟਕਾਰਾ ਕਰਣਹਾਰਾ

੨੦. ਨਾਮ ਨਾਮੀ ਦਾ ਮਨ ਵਿਖੇ ਵਾਸਾ ਕਰਨਹਾਰਾ

੨੧. ਚਉਥੇ ਪਦ, ਸਹਜ ਪਦ ਅਥਵਾ ਪਰਮ ਪਦ ਦੀ ਪ੍ਰਾਪਤੀ ਕਰਾਵਣਹਾਰਾ

੨੨. ਸਰਬ ਜੰਜਾਲ ਨਾਸ ਕਰਨਹਾਰਾ

੨੩. ਸਭਸ ਨੂੰ ਮੇਲਣਹਾਰਾ

੨੪. ਤ੍ਰਿਭਵਣ ਸੋਝੀ ਦੇਣਹਾਰਾ

੨੫. ਦੁਰਮਤਿ ਨਾਸ ਕਰਨਹਾਰਾ

੨੬. ਮਨੁਖਾ ਜਨਮ ਦੀ ਸਫਲਤਾ ਕਰਾਵਣਹਾਰਾ

੨੭. ਬਜਰ ਕਪਾਟ ਖੋਲਣਹਾਰਾ

੨੮. ਸਗਲੇ ਬੰਧਨ ਕਟਣਹਾਰਾ

੨੯. ਸਦਾ ਦਾ ਸੁਹਾਗ ਭਾਗ ਦੇਣਹਾਰਾ

੩੦. ਹਿਰਦੇ ਕੰਵਲ ਦਾ ਪ੍ਰਗਾਸ ਕਰਨਹਾਰਾ

੩੧. ਮਨ ਨਿਹਚਲ ਕਰਾਵਣਹਾਰਾ

੩੨. ਅਸਲ ਨੌ ਨਿਧੀਆਂ ਅਠਾਰਾਂ ਸਿੱਧੀਆਂ ਦੇਣਹਾਰਾ

੩੩. ਸੱਚੀ ਸਿੱਖਿਆ ਦੇਣਹਾਰਾ

੩੪. ਸੱਚੀ ਸੂਝ ਬੂਝ ਦੇਣਹਾਰਾ

੩੫. ਭ੍ਰਮ ਭੈ ਕਾੜੇ ਅੰਦੇਸੇ ਸਹਸੇ ਦੂਰ ਕਰਨਹਾਰਾ

੩੬. ਮਤਿ ਬੁਧਿ ਅਥਵਾ ਗੁਰਮਤਿ ਦਾਤਾ

੩੭. ਸਚਾ ਗਿਆਨ ਪ੍ਰਦਾਤਾ

੩੮. ਖੋਟਿਅਹੁ ਖਰੇ ਕਰਨਹਾਰਾ

੩੯. ਸਦਾ ਦਿਆਲੂ

੪੦. ਸਮ ਦ੍ਰਿਸਟੀ ਵਾਲਾ

੪੧. ਸਚਖੰਡ ਵਿਖੇ ਵਾਸਾ ਕਰਾਵਣਹਾਰਾ

੪੨. ਪੂਰੀ ਪਰਧਾਨਤਾ ਬਖਸ਼ਣਹਾਰਾ

੪੩. ਮਾਇਆ ਤੋਂ ਛੁਟਕਾਰਾ ਕਰਵਾਉਣਹਾਰਾ

੪੪. ਕੀਰਤਨ ਦਾਤਾ

੪੫. ਗੁਣਦਾਤਾ

੪੬. ਸਮੂਹ ਦੁੱਖਾਂ ਦੀ ਜੜ੍ਹ ਹਉਮੈ ਦਾ ਨਾਸ਼ ਕਰਨਹਾਰਾ

੪੭. ਅਨਹਦ ਸ਼ਬਦ ਮਿਲਾਵਣਹਾਰ

੪੮. ਸੱਚੀ ਲਿਵ ਅਤੇ ਦਿੱਬ ਦ੍ਰਿਸ਼ਟੀ ਦਾਤਾ

੪੯. ਦਸਮ ਦੁਆਰਾ ਖੋਲ੍ਹਕੇ ਅੰਮ੍ਰਿਤ ਝਰਨੇ ਝਰਾਵਨਹਾਰਾ

੫੦. ਕਰਨ ਕਰਾਵਨਹਾਰਾ

੫੧. ਨਿਹਾਲੋ ਨਿਹਾਲ ਕਰਨਹਾਰਾ

੫੨. ਸਰਬ ਥੋਕ ਕਾ ਦਾਤਾ

੫੩. ਸੰਤ ਸਾਧ ਸਰੂਪਾ

੫੪. ਪੈਜ ਰਖਣਹਾਰਾ

੫੫. ਸਚੁ ਮਦੁ ਪੀਆਵਣਹਾਰਾ

੫੬. ਹਰਿ ਰਸੁ ਨਾਮ ਰਸੁ ਦਾਤਾ

੫੭. ਜੀਅਦਾਨ ਦਾਤਾ

੫੮. ਹੁਕਮ ਬੁਝਾਵਣਹਾਰਾ

੫੯. ਸਚਾ ਉਪਦੇਸਕ

੬੦. ਪੜਦੇ ਢਕਣਹਾਰਾ (ਕੱਜਣਹਾਰਾ)

੬੧. ਆਸਾ ਵਿਚਿ ਨਿਰਾਸ ਰਖਣਹਾਰਾ

੬੨. ਸਚਾ ਮਾਰਗੁ ਸਚਾ ਪੰਥ ਪਰਗਟ ਕਰਨਹਾਰਾ

੬੩. ਸੱਚੀ ਸੁੱਚ ਅਤੇ ਸੱਚਾ ਸੰਜਮ ਦੇਣਹਾਰਾ

੬੪. ਸਤਸੰਗਤਿ ਬਖਸ਼ਣਹਾਰਾ

੬੫. ਗੁਰਸਿੱਖ ਨਾਲਿ ਸਚੀ ਪ੍ਰੀਤਿ ਕਰਨਹਾਰਾ

੬੬. ਹਰਿ ਹਰਿ ਕਥਾ ਭਾਵ ਅਕਥ ਕਥਾ ਸੁਣਾਵਣਹਾਰਾ

੬੭. ਹਰਿ ਦਰਗਾਹ ਦਾ ਸੱਚਾ ਵੇਚੋਲਾ ਸੱਚਾ ਵਸੀਠ

੬੮. ਸਚਾ ਜੋਗੁ ਬਖਸ਼ਣਹਾਰਾ

੬੯. ਸੱਚਾ ਸੰਤੋਖ ਸਚਾ ਸੰਜਮ ਦੇਣਹਾਰਾ

੭੦. ਇਕ ਖਿਨ ਸਗਲੇ ਪਾਪ ਸੰਤਾਪ ਲਾਹੁਣਹਾਰਾ

੭੧. ਸਗਲੀ ਤ੍ਰਿਸਨਾ ਬੁਝਾਵਣਹਾਰਾ

੭੨. ਨਾਮ ਨਾਮੀ ਸੰਗਿ ਪ੍ਰੀਤਿ ਲਵਾਉਣਹਾਰਾ

੭੩. ਦੁਖ ਭੁਖ ਮੇਟਣਹਾਰਾ

੭੪. ਅਵਗਣ ਕਟਣਹਾਰਾ

੭੫. ਸਚਾ ਪਰਉਪਕਾਰੀ

੭੬. ਸੁੱਤਿਆਂ ਨੂੰ ਜਗਾਦੇਣਹਾਰਾ

੭੭. ਸਗਲੇ ਤਾਪ ਉਤਾਰਨਹਾਰਾ

੭੮. ਪਤਿਤ ਉਧਾਰਣਹਾਰਾ

੭੯. ਪੂਰੀਆਂ ਪਾਵਣਹਾਰਾ

੮੦. ਕਰਜ ਉਤਾਰਣਹਾਰਾ

੮੧. ਸਗਲੇ ਜੀਅ ਜੰਤ ਵਸ ਕਰਨਹਾਰਾ

੮੨. ਸਗਲੇ ਕਾਜ ਸਾਜ ਸਵਾਰਨਹਾਰਾ

੮੩. ਆਪੇ ਦੀ ਪਛਾਣ ਕਰਾਵਣਹਾਰਾ

੮੪. ਨੀਧਰਿਆ ਦੀ ਧਰ

੮੫. ਨਿਮਖ ਮਹਿ ਨਰੋਂ ਸੁਰ ਕਰਨਹਾਰਾ

੮੬. ਮਨੂਰਹੁ ਕੰਚਨ ਕਰਨਹਾਰਾ

੮੭. ਸੱਚਾ ਵੈਦ

੮੮. ਅੰਤਰਿ ਕੀ ਗਤਿ ਜਾਨਣਹਾਰਾ

੮੯. ਬਚਨ ਦਾ ਸੂਰਾ ਤੇ ਸਰਣਿ ਪਾਲ

੯੦. ਚਾਰੇ ਪਦਾਰਥ ਬਖਸ਼ਣਹਾਰਾ

੯੧. ਤੱਤ ਦਰਸ਼ਨਾਂ ਦਾ ਲਖਾਇਕ

੯੨. ਨਿਰੰਕਾਰ ਸਰੂਪਾ

੯੩. ਨਿਰਵੈਰ ਸਰੂਪਾ

੯੪. ਗੁਰਮਤਿ ਬਿਹੂਨ ਸਗਲੇ ਭੇਖਾਂ ਦਾ ਖੰਡਣਹਾਰਾ

੯੫. ਨਿਰਮਲ ਕਰਨਹਾਰਾ

੯੬. ਜੀਵਨ ਮੁਕਤਿ ਕਰਨਹਾਰਾ

੯੭. ਅਸਲ ਧਰਮ ਕਰਮ ਦਾ ਦਾਤਾ

੯੮. ਪਸੂ ਪਰੇਤਹੁ ਸੁਰਨਰ ਕਰਨਹਾਰਾ

੯੯. ਸੱਚਾ ਖੇਮਾ ਤਾਰਨਹਾਰਾ

੧੦੦. ਸ਼ਬਦ ਰੂਪੀ ਬਾਨ ਮਾਰ ਕੇ ਕਲੇਜੇ ਬਿੰਨਣਹਾਰਾ

੧੦੧. ਨਿਖੁਟ ਦਾਤਾਂ ਬਖਸ਼ਣਹਾਰਾ

੧੦੨. ਬਿਖ ਡੁਬਦਿਆਂ ਨੂੰ ਬਾਂਹ ਦੇ ਕਢਣਹਾਰਾ

੧੦੩. ਹਰਖ ਸੋਗ ਤੋਂ ਨਿਰਾਰਾ ਕਰਨਹਾਰਾ

੧੦੪. ਪਾਰਸ ਰੂਪ ਅਤੇ ਪਾਰਸ ਕਰਨਹਾਰਾ

੧੦੫. ਦਸੋਂ ਇੰਦ੍ਰੀਆਂ ਨੂੰ ਵਸਿ ਕਰਾਵਣਹਾਰਾ

੧੦੬. ਨਿਰਮਲ ਭਉ ਉਪਜਾਵਣਹਾਰਾ

੧੦੭. ਸੱਚਾ ਬੋਹਿਥਾ

੧੦੮. ਵਿਕਾਰਾਂ ਨੂੰ ਦੂਰ ਕਰਾਵਨਹਾਰਾ

੧੦੯. ਹਰਿ ਕੀ ਸੇਵਾ ਦੇ ਗੋਹਜ ਅਰਥ ਖੋਲਣਹਾਰਾ

੧੧੦. ਨਾਉ ਮਨਾਵਣਹਾਰਾ

੧੧੧. ਸੱਚੀਆਂ ਪੜ੍ਹਾਈਆਂ ਪੜ੍ਹਾਉਣਹਾਰਾ

੧੧੨. ਸੋਗ ਵਿਜੋਗੁ ਦੂਰ ਕਰਨਹਾਰਾ

੧੧੩. ਅਚਲ ਮਤਿ ਦਾ ਮਾਲਕ

੧੧੪. ਅੰਮ੍ਰਿਤ ਨਾਮ ਚਖਾਵਣਹਾਰਾ

੧੧੫. ਬਿਖੜੇ ਦਾਉ ਲੰਘਾਉਣਹਾਰਾ

੧੧੬. ਰੋਮਿ ਰੋਮਿ ਵਿੱਚੋਂ ਨਾਮ ਦਾ ਪ੍ਰਕਾਸ਼ਕ

੧੧੭. ਮਨ ਤਨ ਹਰਾ ਭਰਾ ਕਰਾਵਣਹਾਰਾ

੧੧੮. ਸੱਚਾ ਸੰਨਿਆਸ ਬਖਸ਼ਣਹਾਰਾ

੧੧੯. ਸਤਿਗੁਰੂ ਸਭ ਤੋਂ ਵੱਡਾ

੧੨੦. ਪੂਰਬਿ ਲਿਖੇ ਅਨੁਸਾਰ ਸਤਿਗੁਰੂ ਦਾ ਮੇਲ

੧੨੧. ਤੱਤ ਦਰਸ਼ਨਾ ਦੀ ਸੋਝੀ ਦੇਣਹਾਰਾ

੧੨੨. ਸਤਿਗੁਰੂ ਬਿਨਾਂ ਨਾਮ ਨਹੀਂ ਮਿਲ ਸਕਦਾ

੧੨੩. ਸਤਿਗੁਰੂ ਨੂੰ ਭੇਟਣ ਦੀ ਜੁਗਤਿ

੧੨੪. ਸਤਿਗੁਰੂ ਬਾਝੋਂ ਸਭ ਨਿਗੁਰੇ

੧੨੫. ਵਾਹਿਗੁਰੂ ਦੀ ਕ੍ਰਿਪਾ ਨਾਲ ਸਤਿਗੁਰੂ ਦਾ ਮੇਲ

੧੨੬. ਸਤਿਗੁਰੂ ਦੀ ਸਰਨਿ ਪ੍ਰਾਪਤੀ ਲਈ ਸਤਿਗੁਰੂ ਦੇ ਤਾਕੀਦੀ ਹੁਕਮ

੧੨੭. ਸਤਿਗੁਰੂ ਸਰਨਿ ਆਇਆਂ ਤੋਂ ਸਤਿਗੁਰੂ ਬਲਿਹਾਰ

੧੨੮. ਸਤਿਗੁਰੂ ਬਿਨਾਂ ਭਗਤੀ ਨਹੀਂ ਹੋ ਸਕਦੀ

੧੨੯. ਸਤਿਗੁਰੂ ਤੋਂ ਬੇਮੁਖਾਂ ਦਾ ਹਾਲ

੧੩੦. ਮਨੋਕਾਮਨਾ ਪੂਰੀਆਂ ਕਰਨਹਾਰਾ ਤੀਰਥ

੧੩੧. ਜੁਗੋ ਜੁਗਿ ਪੀੜੀ ਚਲਾਵਣਹਾਰਾ

੧੩੨. ਸਚਾ ਭਾਉ ਦਸਣਹਾਰਾ

੧੩੩. ਸਚਾ ਪਾਧਾ ਅਥਵਾ ਸਚਾ ਉਸਤਾਦ

੧੩੪. ਗ੍ਰਿਸਤ ਧਰਮ ਦਿੜ੍ਹਾਉਣਹਾਰਾ

੧੩੫. ਅਪਣਾ ਬੋਲਿਆ ਵਾਹਿਗੁਰੂ ਪਾਸੋਂ ਮਨਾਉਣਹਾਰਾ

੧੩੬. ਗੁਰ ਨਿੰਦਕਾਂ ਨੂੰ ਬਖਸ਼ਣਹਾਰਾ

੧੩੭. ਸਚਾ ਆਗਮ ਨਿਗਮ ਦਿਖਾਵਣਹਾਰਾ

੧. ਸਤਿਗੁਰੂ ਸਭ ਤੋਂ ਵੱਡਾ

- ਤੁਮਰੇ ਗੁਣ ਕਿਆ ਕਹਾ ਮੇਰੇ ਸਤਿਗੁਰਾ ਜਬ ਗੁਰੁ ਬੋਲਹ ਤਬ ਬਿਸਮੁ ਹੋਇ ਜਾਇ॥
  ਹਮ ਜੈਸੇ ਅਪਰਾਧੀ ਅਵਰੁ ਕੋਈ ਰਾਖੈ ਜੈਸੇ ਹਮ ਸਤਿਗੁਰਿ ਰਾਖਿ ਲੀਏ ਛਡਾਇ॥ (੧੬੭)

੨. ਗਿਣਤੀ ਸਤਿਗੁਰ ਸ਼ਬਦ

(ੳ) ਸ੍ਰੀ ਗੁਰੂ ਗ੍ਰੰਥ ਸਾਹਿਬ ਵਿਖੇ ੨੦੫੭ ਵਾਰੀ (ਅ) ਵਾਰਾਂ ਭਾਈ ਗੁਰਦਾਸ ਵਿਖੇ ੧੯੨ ਵਾਰੀ

੩. ਸਤਿਗੁਰ ਸ਼ਬਦ ਦੇ ਲਿਖਤੀ ਸਰੂਪ

(੧) ਸਤਿਗੁਰ

- ਹਰਿ ਕੇ ਜਨ ਸਤਿਗੁਰ ਸਤ ਪੁਰਖਾ ਹਉ ਬਿਨਉ ਕਰਉ ਗੁਰ ਪਾਸਿ॥
  ਹਮ ਕੀਰੇ ਕਿਰਮ ਸਤਿਗੁਰ ਸਰਣਾਈ ਕਰਿ ਦਇਆ ਨਾਮੁ ਪਰਗਾਸਿ॥ (੪੯੨)

(੨) ਸਤਿਗੁਰਿ

- ਜਿਨ ਕਉ ਸਤਿਗੁਰਿ ਥਾਪਿਆ ਤਿਨ ਮੇਟਿ ਨ ਸਕੈ ਕੋਇ॥ ਓਨਾ ਅੰਦਰਿ ਨਾਮੁ ਨਿਧਾਨੁ ਹੈ ਨਾਮੋ ਪਰਗਟੁ ਹੋਇ॥(੧੭)

(੩) ਸਤਗੁਰੁ

- ਬਿਨੁ ਗੁਰ ਮਹਲੁ ਨ ਪਾਈਐ ਨਾਮੁ ਨ ਪਰਾਪਤਿ ਹੋਇ॥ ਐਸਾ ਸਤਗੁਰੁ ਲੋੜਿ ਲਹੁ ਜਿਦੂ ਪਾਈਐ ਸਚੁ ਸੋਇ॥(੩੦)

- ਆਵਣੁ ਜਾਣਾ ਜੰਮਣੁ ਮਰਣਾ ਮਨਮੁਖਿ ਪਤਿ ਗਵਾਈ॥ ਸਤਗੁਰੁ ਸੇਵਿ ਸਦਾ ਸੁਖੁ ਪਾਇਆ ਜੋਤੀ ਜੋਤਿ ਮਿਲਾਈ॥(੩੧)

(੪) ਸਤਿਗੁਰੁ

- ਆਵਹੁ ਮਿਲਹੁ ਸਹੇਲੀਹੋ ਮੈ ਪਿਰੁ ਦੇਹੁ ਮਿਲਾਇ॥ ਪੂਰੈ ਭਾਗਿ ਸਤਿਗੁਰੁ ਮਿਲੈ ਪਿਰੁ ਪਾਇਆ ਸਚਿ ਸਮਾਇ॥(੩੮)

- ਇਕਿ ਪਿਰੁ ਰਾਵਹਿ ਆਪਣਾ ਹਉ ਕੈ ਦਰਿ ਪੂਛਉ ਜਾਇ॥ ਸਤਿਗੁਰੁ ਸੇਵੀ ਭਾਉ ਕਰਿ ਮੈ ਪਿਰੁ ਦੇਹੁ ਮਿਲਾਇ॥(੩੮)

(੫) ਸਤਗੁਰ

- ਸਰਣਿ ਪਏ ਪ੍ਰਭ ਆਪਣੇ ਗੁਰੁ ਹੋਆ ਕਿਰਪਾਲੁ॥ ਸਤਗੁਰ ਕੈ ਉਪਦੇਸਿਐ ਬਿਨਸੇ ਸਰਬ ਜੰਜਾਲ॥ (੪੮)

- ਮੇਰੇ ਮਨ ਸਤਗੁਰ ਕੀ ਸੇਵਾ ਲਾਗੁ॥ ਜੋ ਦੀਸੈ ਸੋ ਵਿਣਸਣਾ ਮਨ ਕੀ ਮਤਿ ਤਿਆਗੁ॥ (੫੦)

(੬) ਸਤਗੁਰਿ

- ਅੰਧੀ ਨਾਮੁ ਨ ਚੇਤਈ ਸਭ ਬਾਧੀ ਜਮਕਾਲਿ॥ ਸਤਗੁਰਿ ਮਿਲਿਐ ਧਨੁ ਪਾਇਆ ਹਰਿ ਨਾਮਾ ਰਿਦੈ ਸਮਾਲਿ॥(੩੨)

- ਕਥਨੀ ਬਦਨੀ ਨ ਪਾਈਐ ਹਉਮੈ ਵਿਚਹੁ ਜਾਇ॥ ਸਤਗੁਰਿ ਮਿਲਿਐ ਸਦ ਭੈ ਰਚੈ ਆਪਿ ਵਸੈ ਮਨਿ ਆਇ॥(੩੨)

(੭) **ਸਤਗੁਰੂ**

- ਹਰਿ ਕਰਿ ਕਿਰਪਾ ਸਤਗੁਰੂ ਮਿਲਾਇਆ॥ ਪੂਰੈ ਸਤਗੁਰਿ ਹਰਿ ਨਾਮੁ ਧਿਆਇਆ॥ (੫੫੯)

- ਸਤਗੁਰੂ ਕਿਆ ਫਿਟਕਿਆ ਮੰਗਿ ਥਕੇ ਸੰਸਾਰਿ॥ (੩੪)

(੮) **ਸਤਿਗੁਰੂ**

- ਕਰਮੁ ਹੋਵੈ ਸਤਿਗੁਰੂ ਮਿਲਾਏ॥ ਸੇਵਾ ਸੁਰਤਿ ਸਬਦਿ ਚਿਤੁ ਲਾਏ॥ (੧੦੯)

(੯) **ਸਤਿਗੁਰਾ**

- ਮੇਰੇ ਸਤਿਗੁਰਾ ਹਉ ਤੁਧੁ ਵਿਟਹੁ ਕੁਰਬਾਣੁ॥ ਤੇਰੇ ਦਰਸਨ ਕਉ ਬਲਿਹਾਰਣੈ ਤੁਸਿ ਦਿਤਾ ਅੰਮ੍ਰਿਤ ਨਾਮੁ॥ (੫੨)

(੪) ਸਤਿਗੁਰ ਸ਼ਬਦ ਦੀ ਵਰਤੋਂ

(੧) **ਵਾਹਿਗੁਰੂ ਲਈ**

- ਮੇਰੇ ਰਾਮ ਮੈ ਹਰਿ ਬਿਨੁ ਅਵਰੁ ਨ ਕੋਇ॥ ਸਤਗੁਰੁ ਸਚੁ ਪ੍ਰਭੁ ਨਿਰਮਲਾ ਸਬਦਿ ਮਿਲਾਵਾ ਹੋਇ॥ (੨੭)

- ਸੁਣਿ ਮਨ ਮੇਰੇ ਭਜੁ ਸਤਗੁਰ ਸਰਣਾ॥ ਗੁਰ ਪਰਸਾਦੀ ਛੁਟੀਐ ਬਿਖੁ ਭਵਜਲੁ ਸਬਦਿ ਗੁਰ ਤਰਣਾ॥ (੩੩)

- ਮਨ ਮੇਰੇ ਸਤਿਗੁਰ ਕੈ ਭਾਣੈ ਚਲੁ॥ ਨਿਜ ਘਰਿ ਵਸਹਿ ਅੰਮ੍ਰਿਤੁ ਪੀਵਹਿ ਤਾ ਸੁਖ ਲਹਹਿ ਮਹਲੁ॥ (੩੭)

(੨) **ਗੁਰੂ ਜੋਤਿ ਲਈ**

- ਬਿਨੁ ਗੁਰ ਮਹਲੁ ਨ ਪਾਈਐ ਨਾਮੁ ਨ ਪਰਾਪਤਿ ਹੋਇ॥ ਐਸਾ ਸਤਗੁਰੁ ਲੋੜਿ ਲਹੁ ਜਿਦੂ ਪਾਈਐ ਸਚੁ ਸੋਇ॥(੩੦)

- ਅੰਧੀ ਨਾਮੁ ਨ ਚੇਤਈ ਸਭ ਬਾਧੀ ਜਮਕਾਲਿ॥ ਸਤਗੁਰਿ ਮਿਲਿਐ ਧਨੁ ਪਾਇਆ ਹਰਿ ਨਾਮਾ ਰਿਦੈ ਸਮਾਲਿ॥ (੩੨)

- ਬੇਅੰਤ ਗੁਣ ਤੇਰੇ ਕਥੇ ਨ ਜਾਹੀ ਸਤਿਗੁਰ ਪੁਰਖ ਮੁਰਾਰੇ॥
  ਬਿਨਵੰਤਿ ਨਾਨਕ ਟੇਕ ਰਾਖੀ ਜਿਤੁ ਲਗਿ ਤਰਿਆ ਸੰਸਾਰੇ॥ (੨੪੮)

(੫) ਸਤਿਗੁਰੂ ਦੇ ਲਕਸ਼ਨ

(੧) **ਪਰਮੇਸ਼ਵਰ ਸਰੂਪ**

- ਆਪੇ ਸਤਿਗੁਰੁ ਆਪਿ ਹਰਿ ਆਪੇ ਮੇਲਿ ਮਿਲਾਇ॥ ਆਪਿ ਦਇਆ ਕਰਿ ਮੇਲਸੀ ਗੁਰ ਸਤਿਗੁਰ ਪੀਛੈ ਪਾਇ॥(੪੧)

- ਕਹੁ ਨਾਨਕ ਜਾ ਕੇ ਪੂਰਨ ਕਰਮ॥ ਸਤਿਗੁਰ ਭੇਟੇ ਪੂਰਨ ਪਾਰਬ੍ਰਹਮ॥ (੩੭੮)

- ਗੁਰ ਸਤਿਗੁਰ ਸੁਆਮੀ ਭੇਦੁ ਨ ਜਾਣਹੁ ਜਿਤੁ ਮਿਲਿ ਹਰਿ ਭਗਤਿ ਸੁਖਾਂਦੀ॥
  ਕਹੁ ਨਾਨਕ ਪ੍ਰਾਣੀ ਚਉਥੈ ਪਹਰੈ ਸਫਲਿਓ ਰੈਣਿ ਭਗਤਾ ਦੀ॥ (੭੭)

- ਬਿਨੁ ਸਤਿਗੁਰ ਕਿਨੈ ਨ ਪਾਇਓ ਬਿਨੁ ਸਤਿਗੁਰ ਕਿਨੈ ਨ ਪਾਇਆ॥
ਸਤਿਗੁਰ ਵਿਚਿ ਆਪੁ ਰਖਿਓਨੁ ਕਰਿ ਪਰਗਟੁ ਆਖਿ ਸੁਣਾਇਆ॥ (੪੬੬)

- ਰਾਮ ਹਮ ਸਤਿਗੁਰ ਪਾਰਬ੍ਰਹਮ ਕਰਿ ਮਾਨੇ॥
ਹਮ ਮੂੜ ਮੁਗਧ ਅਸੁਧ ਮਤਿ ਹੋਤੇ ਗੁਰ ਸਤਿਗੁਰ ਕੈ ਬਚਨਿ ਹਰਿ ਹਮ ਜਾਨੇ॥ (੧੬੯)

- ਸਤਿ ਪੁਰਖੁ ਸਤਿਗੁਰੁ ਪਰਮੇਸਰੁ ਜਿਸੁ ਭੇਟਤ ਪਾਰਿ ਪਰਾਇਣਾ॥ (੧੦੭੮)

- ਗੁਰਦੇਵ ਸੰਗਤਿ ਪ੍ਰਭ ਮੇਲਿ ਕਰਿ ਕਿਰਪਾ ਹਮ ਮੂੜ ਪਾਪੀ ਜਿਤੁ ਲਗਿ ਤਰਾ॥
ਗੁਰਦੇਵ ਸਤਿਗੁਰੁ ਪਾਰਬ੍ਰਹਮੁ ਪਰਮੇਸਰੁ ਗੁਰਦੇਵ ਨਾਨਕ ਹਰਿ ਨਮਸਕਰਾ॥ (੨੫੦)

- ਮੇਰੇ ਰਾਮ ਮੈ ਹਰਿ ਬਿਨੁ ਅਵਰੁ ਨ ਕੋਇ॥ ਸਤਗੁਰੁ ਸਚੁ ਪ੍ਰਭੁ ਨਿਰਮਲਾ ਸਬਦਿ ਮਿਲਾਵਾ ਹੋਇ॥ (੨੭)

- ਸਤਿਗੁਰੁ ਪਰਮੇਸਰੁ ਮੇਰਾ॥ ਅਨਿਕ ਰਾਜ ਭੋਗ ਰਸ ਮਾਣੀ ਨਾਉ ਜਪੀ ਭਰਵਾਸਾ ਤੇਰਾ॥ (੮੮੪)

- ਤੂ ਸਤਿਗੁਰੁ ਚਹੁ ਜੁਗੀ ਆਪਿ ਆਪੇ ਪਰਮੇਸਰੁ॥ ਸੁਰਿ ਨਰ ਸਾਧਿਕ ਸਿਧ ਸਿਖ ਸੇਵੰਤ ਧੁਰਹ ਧੁਰੁ॥ (੧੪੦੬)

- ਜਿਸੁ ਅੰਦਰਿ ਪ੍ਰੀਤਿ ਨਹੀ ਸਤਿਗੁਰ ਕੀ ਸੁ ਕੂੜੀ ਆਵੈ ਕੂੜੀ ਜਾਵੈ॥
ਜੇ ਕ੍ਰਿਪਾ ਕਰੇ ਮੇਰਾ ਹਰਿ ਪ੍ਰਭੁ ਕਰਤਾ ਤਾਂ ਸਤਿਗੁਰੁ ਪਾਰਬ੍ਰਹਮੁ ਨਦਰੀ ਆਵੈ॥ (੩੦੫)

- ਕਹੁ ਨਾਨਕ ਜਾ ਕੇ ਪੂਰਨ ਕਰਮ॥ ਸਤਿਗੁਰ ਭੇਟੇ ਪੂਰਨ ਪਾਰਬ੍ਰਹਮ॥ (੩੭੮)

- ਪਾਰਬ੍ਰਹਮ ਪਰਮੇਸਰ ਸਤਿਗੁਰ ਆਪੇ ਕਰਣੈਹਾਰਾ॥
ਚਰਣ ਧੂੜਿ ਤੇਰੀ ਸੇਵਕੁ ਮਾਗੈ ਤੇਰੇ ਦਰਸਨ ਕਉ ਬਲਿਹਾਰਾ॥ (੭੪੯)

- ਤੁਧੁ ਆਪੇ ਆਪੁ ਰਖਿਆ ਸਤਿਗੁਰ ਵਿਚਿ ਗੁਰੁ ਆਪੇ ਤੁਧੁ ਸਵਾਰਿਆ॥
ਤੂ ਆਪੇ ਪੂਜਹਿ ਪੂਜ ਕਰਾਵਹਿ ਸਤਿਗੁਰ ਕਉ ਸਿਰਜਣਹਾਰਿਆ॥ (੩੧੧)

- ਸਤਿਗੁਰੁ ਮੇਰਾ ਸਦਾ ਸਦਾ ਨਾ ਆਵੈ ਨ ਜਾਇ॥ ਓਹੁ ਅਬਿਨਾਸੀ ਪੁਰਖੁ ਹੈ ਸਭ ਮਹਿ ਰਹਿਆ ਸਮਾਇ॥ (੭੫੯)

- ਪਾਰਬ੍ਰਹਮ ਸਤਿਗੁਰ ਆਦੇਸੁ॥ ਮਨੁ ਤਨੁ ਤੇਰਾ ਸਭੁ ਤੇਰਾ ਦੇਸੁ॥ (੧੧੪੧)

- ਗੁਰੁ ਮੇਰਾ ਖਸਮੁ ਸਤਿਗੁਰ ਸਰਣਾਈ॥ ਨਾਨਕ ਗੁਰੁ ਪਾਰਬ੍ਰਹਮੁ ਜਾ ਕੀ ਕੀਮ ਨ ਪਾਈ॥ (੧੨੭੦)

- ਸਤਿਗੁਰ ਜੇਵਡੁ ਅਵਰੁ ਨ ਕੋਇ॥ ਗੁਰੁ ਪਾਰਬ੍ਰਹਮੁ ਪਰਮੇਸਰੁ ਸੋਇ॥ (੧੨੭੧)

- ਸਤਿਗੁਰੁ ਦੇਉ ਪਰਤਖਿ ਹਰਿ ਮੂਰਤਿ ਜੋ ਅੰਮ੍ਰਿਤ ਬਚਨ ਸੁਣਾਵੈ॥
ਨਾਨਕ ਭਾਗ ਭਲੇ ਤਿਸੁ ਜਨ ਕੇ ਜੋ ਹਰਿ ਚਰਣੀ ਚਿਤੁ ਲਾਵੈ॥ (੧੨੬੪)

- ਸਤਸੰਗਤਿ ਮਹਿ ਹਰਿ ਹਰਿ ਵਸਿਆ ਮਿਲਿ ਸੰਗਤਿ ਹਰਿ ਗੁਨ ਜਾਨ॥
ਵਡੈ ਭਾਗਿ ਸਤਸੰਗਤਿ ਪਾਈ ਗੁਰੁ ਸਤਿਗੁਰੁ ਪਰਸਿ ਭਗਵਾਨ॥ (੧੩੩੫)

- ਹਰਿ ਆਪੇ ਸਭ ਘਟ ਭੋਗਦਾ ਮੇਰੇ ਗੋਵਿੰਦਾ ਆਪੇ ਰਸੀਆ ਭੋਗੀ ਜੀਉ॥
ਹਰਿ ਸੁਜਾਣੁ ਨ ਭੁਲਈ ਮੇਰੇ ਗੋਵਿੰਦਾ ਆਪੇ ਸਤਿਗੁਰੁ ਜੋਗੀ ਜੀਉ॥ (੧੭੪)

- ਪਰਤਖਿ ਦੇਹ ਪਾਰਬ੍ਰਹਮੁ ਸੁਆਮੀ ਆਦਿ ਰੂਪਿ ਪੋਖਣ ਭਰਣੰ॥
ਸਤਿਗੁਰੁ ਗੁਰੁ ਸੇਵਿ ਅਲਖ ਗਤਿ ਜਾ ਕੀ ਸ੍ਰੀ ਰਾਮਦਾਸੁ ਤਾਰਣ ਤਰਣੰ॥ (੧੪੦੧)

- ਵਾਹੁ ਵਾਹੁ ਸਤਿਗੁਰੁ ਸੁਜਾਣੁ ਹੈ ਜਿਸੁ ਅੰਤਰਿ ਬ੍ਰਹਮੁ ਵੀਚਾਰੁ॥
ਵਾਹੁ ਵਾਹੁ ਸਤਿਗੁਰੁ ਨਿਰੰਕਾਰੁ ਹੈ ਜਿਸੁ ਅੰਤੁ ਨ ਪਾਰਾਵਾਰੁ॥ (੧੪੨੧)

ਭਾਈ ਗੁਰਦਾਸ ਜੀ

੩੮, ੨੦ ਸਤਿਗੁਰੁ ਨਾਨਕ ਦੇਉ ਹੈ ਪਰਮੇਸਰ ਸੋਈ॥

੨੯, ੧੭ ਪਾਰਬ੍ਰਹਮੁ ਪੂਰਨ ਬ੍ਰਹਮੁ ਆਦਿ ਪੁਰਖੁ ਹੈ ਸਤਿਗੁਰ ਸੋਈ॥

੩੯, ੧੨ ਪਾਰਬ੍ਰਹਮੁ ਪੂਰਨ ਬ੍ਰਹਮੁ ਸਤਿਗੁਰੁ ਸਾਧਸੰਗਤਿ ਵਿਚਿ ਵਸੈ॥

੨੫, ੧੪ ਪਾਰਬ੍ਰਹਮੁ ਪੂਰਨ ਬ੍ਰਹਮੁ ਸਤਿ ਪੁਰਖ ਸਤਿਗੁਰ ਸੁਖਦਾਈ॥

੪੦, ੭ ਪਾਰਬ੍ਰਹਮ ਸਤਿਗੁਰੁ ਬਲਿਹਾਰੇ॥

(੨) ਨਾਮ ਅਥਵਾ ਸਬਦੁ ਦਾਤਾ ਤੇ ਅਸਲ ਸੱਚੁ ਦਾਤਾ

- ਸਤਿਗੁਰੁ ਦਾਤਾ ਹਰਿ ਨਾਮ ਕਾ ਪ੍ਰਭੁ ਆਪਿ ਮਿਲਾਵੈ ਸੋਇ॥
ਸਤਿਗੁਰਿ ਹਰਿ ਪ੍ਰਭੁ ਬੁਝਿਆ ਗੁਰ ਜੇਵਡੁ ਅਵਰੁ ਨ ਕੋਇ॥ (੩੯)

- ਤਿਸੁ ਆਗੈ ਅਰਦਾਸਿ ਕਰਿ ਜੋ ਮੇਲੇ ਕਰਤਾਰੁ॥ ਸਤਿਗੁਰੁ ਦਾਤਾ ਨਾਮ ਕਾ ਪੂਰਾ ਜਿਸੁ ਭੰਡਾਰੁ॥ (੪੯)

- ਏਕਾ ਜੋਤਿ ਜੋਤਿ ਹੈ ਸਰੀਰਾ॥ ਸਬਦਿ ਦਿਖਾਏ ਸਤਿਗੁਰੁ ਪੂਰਾ॥ (੧੨੫)

- ਸਤਿਗੁਰ ਵਿਟਹੁ ਵਾਰਿਆ ਜਿਨਿ ਦਿਤਾ ਸਚੁ ਨਾਉ॥ ਅਨਦਿਨੁ ਸਚੁ ਸਲਾਹਣਾ ਸਚੇ ਕੇ ਗੁਣ ਗਾਉ॥ (੫੩)

- ਦੁਹਾ ਸਿਰਿਆ ਕਾ ਖਸਮੁ ਆਪਿ ਅਵਰੁ ਨ ਦੂਜਾ ਥਾਉ॥ ਸਤਿਗੁਰ ਤੁਠੈ ਪਾਇਆ ਨਾਨਕ ਸਚਾ ਨਾਉ॥ (੭੧)

- ਆਪਨ ਨਹੀ ਕਾ ਕਉ ਲਪਟਾਇਓ॥ ਆਪਨ ਨਾਮੁ ਸਤਿਗੁਰ ਤੇ ਪਾਇਓ॥ (੧੮੭)

- ਦੁਲਭ ਦੇਹ ਹੋਈ ਪਰਵਾਨੁ॥ ਸਤਿਗੁਰ ਤੇ ਪਾਇਆ ਨਾਮ ਨੀਸਾਨੁ॥ (੧੯੩)

- ਸਿਮਰਿ ਸਿਮਰਿ ਹਰਿ ਹਰਿ ਮਨਿ ਗਾਈਐ॥ ਇਹੁ ਸਿਮਰਨੁ ਸਤਿਗੁਰ ਤੇ ਪਾਈਐ॥ (੯੭੧)

- ਸਤਿਗੁਰਿ ਮੰਤ੍ਰੁ ਦੀਉ ਹਰਿ ਨਾਮ॥ ਇਹ ਆਸਰ ਪੂਰਨ ਭਏ ਕਾਮ॥ (੧੯੬)

- ਸਤਿਗੁਰੁ ਦਾਤਾ ਸਬਦੁ ਸੁਣਾਏ॥ ਧਾਵਤੁ ਰਾਖੈ ਠਾਕਿ ਰਹਾਏ॥ (੨੩੨)

- ਨਾਮਿ ਮਿਲਿਐ ਪਤਿ ਪਾਈਐ ਨਾਮਿ ਮੰਨਿਐ ਸੁਖੁ ਹੋਇ॥ਸਤਿਗੁਰ ਤੇ ਨਾਮੁ ਪਾਈਐ ਕਰਮਿ ਮਿਲੈ ਪ੍ਰਭੁ ਸੋਇ॥(੨੩੩)

- ਸਤਿਗੁਰੁ ਸਿਖ ਕਉ ਨਾਮ ਧਨੁ ਦੇਇ॥ ਗੁਰ ਕਾ ਸਿਖੁ ਵਡਭਾਗੀ ਹੇ॥ (੨੯੬)

- ਜੋ ਤਿਨਿ ਕੀਆ ਸੋ ਸਚੁ ਥੀਆ॥ ਅੰਮ੍ਰਿਤ ਨਾਮੁ ਸਤਿਗੁਰਿ ਦੀਆ॥ (੩੫੨)

- ਜਪਿ ਮਨ ਮੇਰੇ ਤੂ ਏਕੋ ਨਾਮੁ॥ ਸਤਿਗੁਰਿ ਦੀਆ ਮੋ ਕਉ ਏਹੁ ਨਿਧਾਨੁ॥ (੫੫੮)

- ਸਚਿ ਰਤੇ ਸੇ ਨਿਰਮਲੇ ਜੋਤੀ ਜੋਤਿ ਮਿਲਾਇ॥ ਸਤਿਗੁਰਿ ਮਿਲਿਐ ਨਾਉ ਪਾਇਆ ਨਾਨਕ ਸੁਖਿ ਸਮਾਇ॥ (੬੪੫)

- ਸਤਿਗੁਰਿ ਮਿਲਿਐ ਨਾਮੁ ਊਪਜੈ ਤਿਸਨਾ ਭੁਖ ਸਭ ਜਾਇ॥ ਨਾਨਕ ਨਾਮੇ ਰਤਿਆ ਨਾਮੋ ਪਲੈ ਪਾਇ॥ (੬੫੩)

- ਸਤਿਗੁਰੁ ਦਾਤਾ ਆਖੀਐ ਤੁਸਿ ਕਰੇ ਪਸਾਓ॥ ਹਉ ਗੁਰ ਵਿਟਹੁ ਸਦ ਵਾਰਿਆ ਜਿਨਿ ਦਿਤੜਾ ਨਾਓ॥ (੭੨੬)

- ਸਤਿਗੁਰ ਤੇ ਨਾਮੁ ਪਾਈਐ ਅਉਧੂ ਜੋਗ ਜੁਗਤਿ ਤਾ ਹੋਈ॥
  ਕਰਿ ਬੀਚਾਰੁ ਮਨਿ ਦੇਖਹੁ ਨਾਨਕ ਬਿਨੁ ਨਾਵੈ ਮੁਕਤਿ ਨ ਹੋਈ॥(੯੪੬)

- ਨਾ ਹਉ ਕਰਤਾ ਨਾ ਮੈ ਕੀਆ॥ ਅੰਮ੍ਰਿਤੁ ਨਾਮੁ ਸਤਿਗੁਰਿ ਦੀਆ॥ (੯੯੩)

- ਹੋਰੁ ਦੁਆਰਾ ਕੋਇ ਨ ਸੂਝੈ॥ ਤ੍ਰਿਭਵਣ ਧਾਵੈ ਤਾ ਕਿਛੂ ਨ ਬੂਝੈ॥
  ਸਤਿਗੁਰੁ ਸਾਹੁ ਭੰਡਾਰੁ ਨਾਮੁ ਜਿਸੁ ਇਹੁ ਰਤਨੁ ਤਿਸੈ ਤੇ ਪਾਇਣਾ॥ (੧੦੭੮)

- ਸਤਿਗੁਰਿ ਮੋ ਕਉ ਕੀਨੋ ਦਾਨੁ॥ ਅਮੋਲ ਰਤਨੁ ਹਰਿ ਦੀਨੋ ਨਾਮੁ॥ (੧੧੫੭)

- ਨਾਨਕ ਸਤਿਗੁਰਿ ਮਿਲਿਐ ਨਾਉ ਪਾਈਐ ਮਿਲਿ ਨਾਮੁ ਧਿਆਇਆ॥
ਜਿਨ੍ ਕੈ ਪੋਤੈ ਪੁੰਨੁ ਹੈ ਤਿਨ੍ੀ ਦਰਸਨੁ ਪਾਇਆ॥ (੧੨੪੫)

- ਸਤਿਗੁਰੁ ਦਾਤਾ ਰਾਮ ਨਾਮ ਕਾ ਹੋਰੁ ਦਾਤਾ ਕੋਈ ਨਾਹੀ॥ ਜੀਅ ਦਾਨੁ ਦੇਇ ਤ੍ਰਿਪਤਾਸੇ ਸਚੈ ਨਾਮਿ ਸਮਾਹੀ॥(੧੨੫੮)

- ਸਤਿਗੁਰਿ ਪੂਰੈ ਨਾਮੁ ਦੀਆ॥ ਅਨਦ ਮੰਗਲ ਕਲਿਆਣ ਸਦਾ ਸੁਖੁ ਕਾਰਜੁ ਸਗਲਾ ਰਾਸਿ ਥੀਆ॥ (੧੩੪੦)

- ਸਤਿਗੁਰ ਸਚਾ ਨਾਉ ਆਖਿ ਸੁਣਾਇਆ॥ ੨੨.੧੦ ਭਾਈ ਗੁਰਦਾਸ

- ਹਰਿ ਅੰਮ੍ਰਿਤ ਭਗਤਿ ਭੰਡਾਰ ਹੈ ਗੁਰ ਸਤਿਗੁਰ ਪਾਸੇ ਰਾਮ ਰਾਜੇ॥
ਗੁਰੁ ਸਤਿਗੁਰੁ ਸਚਾ ਸਾਹੁ ਹੈ ਸਿਖ ਦੇਇ ਹਰਿ ਰਾਸੇ॥ (੪੪੯)

- ਨਾ ਹਉ ਕਰਤਾ ਨਾ ਮੈ ਕੀਆ॥ ਅੰਮ੍ਰਿਤੁ ਨਾਮੁ ਸਤਿਗੁਰਿ ਦੀਆ॥ (੯੯੩)

- ਸਚਾ ਸਬਦੁ ਮਨਿ ਵਸਿਆ ਸਤਿਗੁਰ ਮਾਂਹਿ ਸਮਾਂਹਿ॥
ਨਾਨਕ ਵਿਣੁ ਸਤਿਗੁਰ ਸਚੁ ਨ ਪਾਈਐ ਮਨਮੁਖ ਭੂਲੇ ਜਾਂਹਿ॥ (੧੪੧੯)

(੩) ਨਾਮ ਦ੍ਰਿੜਾਇਕ

- ਮਨੁ ਰੰਗਹੁ ਵਡਭਾਗੀਹੋ ਗੁਰੁ ਤੁਠਾ ਕਰੇ ਪਸਾਉ॥ ਗੁਰੁ ਨਾਮੁ ਦ੍ਰਿੜਾਏ ਰੰਗ ਸਿਉ ਹਉ ਸਤਿਗੁਰ ਕੈ ਬਲਿ ਜਾਉ॥(੪੦)

- ਏਹੁ ਜਗੁ ਜਲਤਾ ਦੇਖਿ ਕੈ ਭਜਿ ਪਏ ਸਤਿਗੁਰ ਸਰਣਾ॥ ਸਤਿਗੁਰਿ ਸਚੁ ਦਿੜਾਇਆ ਸਦਾ ਸਚਿ ਸੰਜਮਿ ਰਹਣਾ॥(੭੦)

- ਸਤਿਗੁਰਿ ਸਚੁ ਦ੍ਰਿੜਾਇਆ ਸਚਿ ਰਹਹੁ ਲਿਵ ਲਾਇ॥ ਨਾਨਕ ਸਬਦੀ ਸਚੁ ਹੈ ਕਰਮੀ ਪਲੈ ਪਾਇ॥ (੮੪)

- ਹਰਿ ਹਰਿ ਅਰਥਿ ਸਰੀਰੁ ਹਮ ਬੇਚਿਆ ਪੂਰੇ ਗੁਰ ਕੈ ਆਗੇ॥
ਸਤਿਗੁਰ ਦਾਤੈ ਨਾਮੁ ਦਿੜਾਇਆ ਮੁਖਿ ਮਸਤਕਿ ਭਾਗ ਸਭਾਗੇ॥ (੧੭੧)

- ਸਤਿਗੁਰ ਤੇ ਦ੍ਰਿੜਿਆ ਇਕੁ ਏਕੈ॥ ਨਾਨਕ ਦਾਸ ਹਰਿ ਹਰਿ ਹਰਿ ਟੇਕੈ॥ (੧੮੧)

- ਹਮ ਹਰਿ ਰਾਖੇ ਸਤਿਗੁਰੂ ਮਿਲਾਇਆ॥ ਅਨਦਿਨੁ ਭਗਤਿ ਹਰਿ ਨਾਮੁ ਦ੍ਰਿੜਾਇਆ॥ (੨੩੦)

- ਜਿਨ੍ਾ ਭੇਟਿਆ ਮੇਰਾ ਪੂਰਾ ਸਤਿਗੁਰੂ ਤਿਨ ਹਰਿ ਨਾਮੁ ਦ੍ਰਿੜਾਵੈ ਰਾਮ ਰਾਜੇ॥
ਤਿਸ ਕੀ ਤ੍ਰਿਸਨਾ ਭੁਖ ਸਭ ਉਤਰੈ ਜੋ ਹਰਿ ਨਾਮੁ ਧਿਆਵੈ॥ (੪੫੧)

- ਦੁਖ ਬਿਨਸੇ ਸੁਖ ਕੀਆ ਨਿਵਾਸਾ ਤ੍ਰਿਸਨਾ ਜਲਨਿ ਬੁਝਾਈ॥

ਨਾਮੁ ਨਿਧਾਨੁ ਸਤਿਗੁਰੂ ਦ੍ਰਿੜਾਇਆ ਬਿਨਸਿ ਨ ਆਵੈ ਜਾਈ॥ (੪੯੭)

- ਹਉ ਜੀਵਾ ਹਉ ਜੀਵਾ ਸਤਿਗੁਰ ਦੇਖਿ ਸਰਸੇ ਰਾਮ॥
ਹਰਿ ਨਾਮੋ ਹਰਿ ਨਾਮੁ ਦ੍ਰਿੜਾਏ ਜਪਿ ਹਰਿ ਹਰਿ ਨਾਮੁ ਵਿਗਸੇ ਰਾਮ॥ (੫੭੨)

- ਸੋ ਸਤਿਗੁਰੁ ਸੇਵਿਹੁ ਸਾਧ ਜਨੁ ਜਿਨਿ ਹਰਿ ਹਰਿ ਨਾਮੁ ਦ੍ਰਿੜਾਇਆ॥
ਸੋ ਸਤਿਗੁਰੁ ਪੂਜਹੁ ਦਿਨਸੁ ਰਾਤਿ ਜਿਨਿ ਜਗੰਨਾਥੁ ਜਗਦੀਸੁ ਜਪਾਇਆ॥ (੫੯੬)

- ਸੇ ਗੁਰਸਿਖ ਧਨੁ ਧੰਨੁ ਹੈ ਜਿਨੀ ਗੁਰ ਉਪਦੇਸੁ ਸੁਣਿਆ ਹਰਿ ਕੰਨੀ॥
ਗੁਰਿ ਸਤਿਗੁਰਿ ਨਾਮੁ ਦ੍ਰਿੜਾਇਆ ਤਿਨਿ ਹੰਉਮੈ ਦੁਬਿਧਾ ਭੰਨੀ॥ (੫੯੦)

- ਸਤਿਗੁਰਿ ਨਾਮੁ ਨਿਧਾਨੁ ਦ੍ਰਿੜਾਇਆ ਚਿੰਤਾ ਸਗਲ ਬਿਨਾਸੀ॥
ਕਰਿ ਕਿਰਪਾ ਅਪੁਨੋ ਕਰਿ ਲੀਨਾ ਮਨਿ ਵਸਿਆ ਅਬਿਨਾਸੀ॥ (੬੧੫)

- ਹਰਿ ਜੈਸਾ ਪੁਰਖੁ ਨ ਲਭਈ ਸਭੁ ਦੇਖਿਆ ਜਗਤੁ ਮੈ ਟੋਲੇ॥
ਗੁਰਿ ਸਤਿਗੁਰਿ ਨਾਮੁ ਦ੍ਰਿੜਾਇਆ ਮਨੁ ਅਨਤ ਨ ਕਾਹੂ ਡੋਲੇ॥ (੬੪੨)

- ਹਰਿ ਹਰਿ ਕ੍ਰਿਪਾ ਧਾਰੀ ਮੇਰੈ ਠਾਕੁਰਿ ਜਨੁ ਬਿਛੁਰਿਆ ਚਿਰੀ ਮਿਲਾਨਾ॥
ਧਨੁ ਧਨੁ ਸਤਿਗੁਰੁ ਜਿਨਿ ਨਾਮੁ ਦ੍ਰਿੜਾਇਆ ਜਨੁ ਨਾਨਕੁ ਤਿਸੁ ਕੁਰਬਾਨਾ॥ (੬੯੭)

- ਹਰਿ ਗੁਣ ਗਾਵਾ ਜੀਵਾ ਮੇਰੀ ਮਾਈ॥ ਸਤਿਗੁਰਿ ਦਇਆਲਿ ਗੁਣ ਨਾਮੁ ਦ੍ਰਿੜਾਈ॥ (੭੩੨)

- ਹਰਿ ਜਨ ਨਾਮੁ ਅਧਾਰੁ ਹੈ ਧੁਰਿ ਪੂਰਬਿ ਲਿਖੇ ਵਡ ਕਰਮਾ॥
ਗੁਰਿ ਸਤਿਗੁਰਿ ਨਾਮੁ ਦ੍ਰਿੜਾਇਆ ਜਨ ਨਾਨਕ ਸਫਲੁ ਜਨੰਮਾ॥ (੭੯੯)

- ਏਹ ਕੂੜੈ ਕੀ ਮਲੁ ਕਿਉ ਉਤਰੈ ਕੋਈ ਕਢਹੁ ਇਹੁ ਵੀਚਾਰੁ॥
ਸਤਿਗੁਰੁ ਮਿਲੈ ਤਾ ਨਾਮੁ ਦਿੜਾਏ ਸਭਿ ਕਿਲਵਿਖ ਕਟਣਹਾਰੁ॥ (੯੫੦)

- ਸਤਿਗੁਰ ਨਾਮੁ ਦ੍ਰਿੜਾਏ ਅਤਿ ਮੀਠਾ ਮੈਲਾਗਰੁ ਮਲਗਾਰੇ॥
ਨਾਮੈ ਸੁਰਤਿ ਵਜੀ ਹੈ ਦਹ ਦਿਸਿ ਹਰਿ ਮੁਸਕੀ ਮੁਸਕ ਗੰਧਾਰੇ॥ (੯੮੧)

- ਸਤਿਗੁਰਿ ਨਾਮੁ ਨਿਧਾਨੁ ਦ੍ਰਿੜਾਇਆ॥ ਰਾਜ ਮਾਲੁ ਝੂਠੀ ਸਭ ਮਾਇਆ॥ (੧੧੫੫)

- ਸਤਿਗੁਰੁ ਹਰਿ ਹਰਿ ਨਾਮੁ ਦ੍ਰਿੜਾਵੈ॥ ਹਰਿ ਬੋਲਹੁ ਗੁਰ ਕੇ ਸਿਖ ਮੇਰੇ ਭਾਈ ਹਰਿ ਭਉਜਲੁ ਜਗਤੁ ਤਰਾਵੈ॥(੧੨੬੩)

- ਗੁਰ ਸਤਿਗੁਰਿ ਨਾਮੁ ਦਿੜਾਇਆ ਮਨੁ ਅਨਤ ਨ ਕਾਹੂ ਡੋਲੇ॥

ਜਨ ਨਾਨਕੁ ਹਰਿ ਕਾ ਦਾਸੁ ਹੈ ਗੁਰ ਸਤਿਗੁਰ ਕੇ ਗੁਲ ਗੋਲੇ॥ (੧੪੨੪)

- ਸਤਿਗੁਰ ਪੈਰੀ ਪਾਇ ਨਾਉ ਦਿੜਾਇਆ॥ ੨੦-੩ ਭਾਈ ਗੁਰਦਾਸ

(੪) ਨਾਮ ਅੰਮ੍ਰਿਤ ਅਥਵਾ ਸ਼ਬਦ ਸਰੂਪ

- ਭਾਈ ਰੇ ਹਰਿ ਹੀਰਾ ਗੁਰ ਮਾਹਿ॥ ਸਤਸੰਗਤਿ ਸਤਗੁਰੁ ਪਾਈਐ ਅਹਿਨਿਸਿ ਸਬਦਿ ਸਲਾਹਿ॥ (੨੨)

- ਸਤਿਗੁਰੁ ਪੁਰਖੁ ਅੰਮ੍ਰਿਤ ਸਰੁ ਵਡਭਾਗੀ ਨਾਵਹਿ ਆਇ॥
ਉਨ ਜਨਮ ਜਨਮ ਕੀ ਮੈਲੁ ਉਤਰੈ ਨਿਰਮਲ ਨਾਮੁ ਦ੍ਰਿੜਾਇ॥ (੪੦)

- ਹਉ ਵਾਰੀ ਜੀਉ ਵਾਰੀ ਗੁਰ ਚਰਣੀ ਚਿਤੁ ਲਾਵਣਿਆ॥
ਸਤਿਗੁਰੁ ਹੈ ਅੰਮ੍ਰਿਤ ਸਰੁ ਸਾਚਾ ਮਨੁ ਨਾਵੈ ਮੈਲੁ ਚੁਕਾਵਣਿਆ॥ (੧੧੩)

- ਆਪਿ ਕਰਾਏ ਕਰੇ ਆਪਿ ਜੀਉ ਆਪੇ ਸਬਦਿ ਸਵਾਰੇ॥
ਆਪੇ ਸਤਿਗੁਰੁ ਆਪਿ ਸਬਦੁ ਜੀਉ ਜੁਗੁ ਜੁਗੁ ਭਗਤ ਪਿਆਰੇ॥ (੨੪੬)

- ਸੋ ਸਤਿਗੁਰੁ ਜਿਸੁ ਰਿਦੈ ਹਰਿ ਨਾਉ॥ ਅਨਿਕ ਬਾਰ ਗੁਰ ਕਉ ਬਲਿ ਜਾਉ॥ (੨੮੭)

- ਸਤਿਗੁਰ ਵਿਚਿ ਅੰਮ੍ਰਿਤੁ ਹੈ ਹਰਿ ਉਤਮੁ ਹਰਿ ਪਦੁ ਸੋਇ॥
ਨਾਨਕ ਕਿਰਪਾ ਤੇ ਹਰਿ ਧਿਆਈਐ ਗੁਰਮੁਖਿ ਪਾਵੈ ਕੋਇ॥ (੩੦੦)

- ਨਾਮਿ ਰਤਾ ਸਤਿਗੁਰੂ ਹੈ ਕਲਿਜੁਗ ਬੋਹਿਥੁ ਹੋਇ॥ ਗੁਰਮੁਖਿ ਹੋਵੈ ਸੁ ਪਾਰਿ ਪਵੈ ਜਿਨਾ ਅੰਦਰਿ ਸਚਾ ਸੋਇ॥(੫੫੨)

- ਆਪੇ ਸਤਿਗੁਰੁ ਸਬਦੁ ਹੈ ਆਪੇ॥ ਨਾਨਕ ਆਖਿ ਸੁਣਾਏ ਆਪੇ॥ (੭੯੭)

(੫) ਸਚੀ ਭਗਤੀ ਦਾਤਾ

- ਅੰਤਰਿ ਮੈਲੁ ਨ ਉਤਰੈ ਧ੍ਰਿਗੁ ਜੀਵਣੁ ਧ੍ਰਿਗੁ ਵੇਸੁ॥ ਹੋਰੁ ਕਿਤੈ ਭਗਤਿ ਨ ਹੋਵਈ ਬਿਨੁ ਸਤਿਗੁਰ ਕੇ ਉਪਦੇਸ॥(੨੨)

- ਇਸੁ ਭਗਤੀ ਨੋ ਸੁਰਿ ਨਰ ਮੁਨਿ ਜਨ ਲੋਚਦੇ ਵਿਣੁ ਸਤਿਗੁਰ ਪਾਈ ਨ ਜਾਇ॥
ਪੰਡਿਤ ਪੜਦੇ ਜੋਤਿਕੀ ਤਿਨ ਬੂਝ ਨ ਪਾਇ॥ (੪੨੫)

- ਹਰਿ ਕ੍ਰਿਪਾ ਕਰੇ ਸਤਿਗੁਰੂ ਮਿਲਾਏ॥ ਨਿਹਚਲ ਭਗਤਿ ਹਰਿ ਸਿਉ ਚਿਤੁ ਲਾਏ॥ (੩੬੫)

- ਧਨੁ ਧਨੁ ਸਤ ਪੁਰਖੁ ਸਤਿਗੁਰੂ ਹਮਾਰਾ ਜਿਤੁ ਮਿਲਿਐ ਹਮ ਕਉ ਸਾਂਤਿ ਆਈ॥
ਧਨੁ ਧਨੁ ਸਤ ਪੁਰਖੁ ਸਤਿਗੁਰੂ ਹਮਾਰਾ ਜਿਤੁ ਮਿਲਿਐ ਹਮ ਹਰਿ ਭਗਤਿ ਪਾਈ॥ (੫੯੪)

- ਸਚੀ ਭਗਤਿ ਸਤਿਗੁਰ ਤੇ ਹੋਵੈ ਸਚੀ ਹਿਰਦੈ ਬਾਣੀ॥ਸਤਿਗੁਰੁ ਸੇਵੇ ਸਦਾ ਸੁਖੁ ਪਾਏ ਹਉਮੈ ਸਬਦਿ ਸਮਾਣੀ॥(੬੦੨)

- ਸਤਿਗੁਰੁ ਸੇਵਿ ਸਦਾ ਸੁਖੁ ਪਾਇਆ ਫਿਰਿ ਦੁਖੁ ਨ ਲਾਗੈ ਧਾਇ॥
  ਨਾਨਕ ਹਰਿ ਭਗਤਿ ਪਰਾਪਤਿ ਹੋਈ ਜੋਤੀ ਜੋਤਿ ਸਮਾਇ॥ (੧੧੩੨)

- ਪੂਰਾ ਸਤਿਗੁਰੁ ਭਗਤਿ ਦ੍ਰਿੜਾਏ॥ ਗੁਰ ਕੈ ਸਬਦਿ ਹਰਿ ਨਾਮਿ ਚਿਤੁ ਲਾਏ॥ (੧੦੫੬)

- ਮਾਰਗਿ ਪੰਥਿ ਚਲੇ ਗੁਰ ਸਤਿਗੁਰ ਸੰਗਿ ਸਿਖਾ॥ ਅਨਦਿਨੁ ਭਗਤਿ ਬਣੀ ਖਿਨੁ ਖਿਨੁ ਨਿਮਖ ਵਿਖਾ॥
  ਹਰਿ ਹਰਿ ਭਗਤਿ ਬਣੀ ਪ੍ਰਭ ਕੇਰੀ ਸਭੁ ਲੋਕੁ ਵੇਖਣਿ ਆਇਆ॥
  ਜਿਨ ਦਰਸੁ ਸਤਿਗੁਰ ਗੁਰੂ ਕੀਆ ਤਿਨ ਆਪਿ ਹਰਿ ਮੇਲਾਇਆ॥ (੧੧੧੬)

(੬) ਮੁਕਤੀ, ਭਗਤੀ ਦਾਤਾ

- ਸਤਿਗੁਰ ਮਿਲਿਐ ਸਦਾ ਮੁਕਤੁ ਹੈ ਜਿਨਿ ਵਿਚਹੁ ਮੋਹੁ ਚੁਕਾਇਆ॥
  ਉਤਮੁ ਏਹੁ ਬੀਚਾਰੁ ਹੈ ਜਿਨਿ ਸਚੇ ਸਿਉ ਚਿਤੁ ਲਾਇਆ॥ (੪੬੬)

- ਐਸਾ ਸਤਿਗੁਰੁ ਜੇ ਮਿਲੈ ਤੁਠਾ ਕਰੇ ਪਸਾਉ॥ ਮੁਕਤਿ ਦੁਆਰਾ ਮੋਕਲਾ ਸਹਜੇ ਆਵਉ ਜਾਉ॥ (੫੦੯)

- ਸਤਿਗੁਰ ਮਿਲਿਐ ਹਉਮੈ ਗਈ ਜੋਤਿ ਰਹੀ ਸਭ ਆਇ॥ ਇਹੁ ਜੀਉ ਸਦਾ ਮੁਕਤੁ ਹੈ ਸਹਜੇ ਰਹਿਆ ਸਮਾਇ॥(੫੦੯)

- ਕੁਬੁਧਿ ਮਿਟੈ ਗੁਰ ਸਬਦੁ ਬੀਚਾਰਿ॥ ਸਤਿਗੁਰੁ ਭੇਟੈ ਮੋਖ ਦੁਆਰ॥ (੯੪੪)

- ਸਤਗੁਰ ਸੇਵਾ ਤੇ ਨਿਸਤਾਰਾ ਗੁਰਮੁਖਿ ਤਰੈ ਸੰਸਾਰਾ॥ ਸਾਚੈ ਨਾਇ ਰਤੇ ਬੈਰਾਗੀ ਪਾਇਨਿ ਮੋਖ ਦੁਆਰਾ॥ (੫੫੯)

- ਸਤਿਗੁਰ ਕੀ ਸੇਵਾ ਚਾਕਰੀ ਸੁਖੀ ਹੂੰ ਸੁਖ ਸਾਰੁ॥ ਐਥੈ ਮਿਲਨਿ ਵਡਿਆਈਆ ਦਰਗਹ ਮੋਖ ਦੁਆਰੁ॥ (੫੯੬)

- ਸਾਚਾ ਸਾਹਿਬੁ ਸਦ ਮਿਹਰਵਾਣ॥ ਬੰਧੁ ਪਾਇਆ ਮੇਰੈ ਸਤਿਗੁਰਿ ਪੂਰੈ ਹੋਈ ਸਰਬ ਕਲਿਆਣ॥ (੬੧੯)

- ਤੇਰਾ ਅੰਤੁ ਨ ਜਾਈ ਲਖਿਆ ਅਕਥੁ ਨ ਜਾਈ ਹਰਿ ਕਥਿਆ॥
  ਨਾਨਕ ਜਿਨ੍ ਕਉ ਸਤਿਗੁਰੁ ਮਿਲਿਆ ਤਿਨ੍ ਕਾ ਲੇਖਾ ਨਿਬੜਿਆ॥ (੪੩੫)

- ਸਤਿਗੁਰ ਕੀ ਐਸੀ ਵਡਿਆਈ॥ ਪੁੜੁ ਕਲੜੁ ਵਿਚੇ ਗਤਿ ਪਾਈ॥ (੬੬੧)

- ਹਮ ਨੀਚ ਮਧਿਮ ਕਰਮ ਕੀਏ ਨਹੀ ਚੇਤਿਓ ਹਰਿ ਰਾਇਓ॥
  ਹਰਿ ਆਨਿ ਮੇਲਿਓ ਸਤਿਗੁਰੂ ਖਿਨੁ ਬੰਧ ਮੁਕਤਿ ਕਰਾਇਓ॥ (੯੮੫)

- ਸਤਿਗੁਰੁ ਦਾਤਾ ਮੁਕਤਿ ਕਰਾਏ॥ ਸਭਿ ਰੋਗ ਗਵਾਏ ਅੰਮ੍ਰਿਤ ਰਸੁ ਪਾਏ॥ (੧੦੨੮)

- ਇੰਦ੍ਰ ਇੰਦ੍ਰਾਸਣਿ ਬੈਠੇ ਜਮ ਕਾ ਭਉ ਪਾਵਹਿ॥ ਜਮੁ ਨ ਛੋਡੈ ਬਹੁ ਕਰਮ ਕਮਾਵਹਿ॥
ਸਤਿਗੁਰੁ ਭੇਟੈ ਤਾ ਮੁਕਤਿ ਪਾਈਐ ਹਰਿ ਹਰਿ ਰਸਨਾ ਪੀਜੈ ਹੇ॥ (੧੦੪੯)

- ਬੇਦ ਬਾਣੀ ਜਗੁ ਵਰਤਦਾ ਤ੍ਰੈ ਗੁਣ ਕਰੇ ਬੀਚਾਰੁ॥ ਬਿਨੁ ਨਾਵੈ ਜਮ ਡੰਡੁ ਸਹੈ ਮਰਿ ਜਨਮੈ ਵਾਰੋ ਵਾਰ॥
ਸਤਿਗੁਰ ਭੇਟੇ ਮੁਕਤਿ ਹੋਇ ਪਾਏ ਮੋਖ ਦੁਆਰੁ॥ (੧੨੭੬)

(੭) ਸਚੇ ਸੁੱਖ ਦਾ ਦਾਤਾ

- ਆਵਣੁ ਜਾਣਾ ਜੰਮਣੁ ਮਰਣਾ ਮਨਮੁਖਿ ਪਤਿ ਗਵਾਈ॥ ਸਤਗੁਰੁ ਸੇਵਿ ਸਦਾ ਸੁਖੁ ਪਾਇਆ ਜੋਤੀ ਜੋਤਿ ਮਿਲਾਈ॥(੩੧)

- ਧਨੁ ਜਨਨੀ ਜਿਨਿ ਜਾਇਆ ਧੰਨੁ ਪਿਤਾ ਪਰਧਾਨੁ॥ ਸਤਗੁਰੁ ਸੇਵਿ ਸੁਖੁ ਪਾਇਆ ਵਿਚਹੁ ਗਇਆ ਗੁਮਾਨੁ॥ (੩੨)

- ਸਾਚੋ ਵਖਰੁ ਸੰਚੀਐ ਪੂਰੈ ਕਰਮਿ ਅਪਾਰੁ॥ ਸੁਖਦਾਤਾ ਦੁਖ ਮੇਟਣੋ ਸਤਿਗੁਰੁ ਅਸੁਰ ਸੰਘਾਰੁ॥ (੫੯)

- ਮੈ ਸੁਖੀ ਹੂੰ ਸੁਖੁ ਪਾਇਆ॥ ਗੁਰਿ ਅੰਤਰਿ ਸਬਦੁ ਵਸਾਇਆ॥
ਸਤਿਗੁਰਿ ਪੁਰਖਿ ਵਿਖਾਲਿਆ ਮਸਤਕਿ ਧਰਿ ਕੈ ਹਥੁ ਜੀਉ॥ (੭੩)

- ਪੂਰੈ ਭਾਗਿ ਸਤਿਗੁਰੁ ਮਿਲੈ ਸੁਖਦਾਤਾ ਨਾਮੁ ਵਸੈ ਮਨਿ ਆਇ॥ ਸੁਖੁ ਮਾਣਹਿ ਸੁਖੁ ਪੈਨਣਾ ਸੁਖੇ ਸੁਖਿ ਵਿਹਾਇ॥(੮੫)

- ਪੂਰਬਿ ਲਿਖਿਆ ਸੁ ਕਰਮੁ ਕਮਾਇਆ॥ ਸਤਿਗੁਰੁ ਸੇਵਿ ਸਦਾ ਸੁਖੁ ਪਾਇਆ॥ (੧੧੮)

- ਮਿਟਹਿ ਕਲੇਸ ਸੁਖੀ ਹੋਇ ਰਹੀਐ॥ ਐਸਾ ਦਾਤਾ ਸਤਿਗੁਰੁ ਕਹੀਐ॥ (੧੮੩)

- ਸਤਿਗੁਰੁ ਮੇਰਾ ਸਦਾ ਦਇਆਲਾ ਮੋਹਿ ਦੀਨ ਕਉ ਰਾਖਿ ਲੀਆ॥
ਕਾਟਿਆ ਰੋਗੁ ਮਹਾ ਸੁਖੁ ਪਾਇਆ ਹਰਿ ਅੰਮ੍ਰਿਤੁ ਮੁਖਿ ਨਾਮੁ ਦੀਆ॥ (੩੮੩)

- ਜਉ ਮੈ ਅਪੁਨਾ ਸਤਿਗੁਰੁ ਧਿਆਇਆ॥ ਤਬ ਮੇਰੈ ਮਨਿ ਮਹਾ ਸੁਖੁ ਪਾਇਆ॥ (੩੯੦)

- ਕਹੁ ਨਾਨਕ ਜਾ ਸਤਿਗੁਰੁ ਪਾਇਆ॥ ਘਰੁ ਸਗਲਾ ਮੈ ਸੁਖੀ ਬਸਾਇਆ॥ (੩੯੨)

- ਸਤਿਗੁਰੁ ਸੁਖ ਸਾਗਰੁ ਜਗ ਅੰਤਰਿ ਹੋਰ ਥੈ ਸੁਖੁ ਨਾਹੀ॥
ਹਉਮੈ ਜਗਤੁ ਦੁਖਿ ਰੋਗਿ ਵਿਆਪਿਆ ਮਰਿ ਜਨਮੈ ਰੋਵੈ ਧਾਹੀ॥ (੬੦੩)

- ਪ੍ਰਾਣੀ ਸਤਿਗੁਰੁ ਸੇਵਿ ਸੁਖੁ ਪਾਇ॥ ਸਤਿਗੁਰੁ ਸੇਵਹਿ ਤਾ ਸੁਖੁ ਪਾਵਹਿ ਨਾਹਿ ਤ ਜਾਹਿਗਾ ਜਨਮੁ ਗਵਾਇ॥ (੬੦੩)

- ਸੂਖ ਸਹਜ ਆਨੰਦ ਘਨੇਰੇ ਸਤਿਗੁਰ ਦੀਆ ਦਿਲਾਸਾ॥ ਜਿਣਿ ਘਰਿ ਆਏ ਸੋਭਾ ਸੇਤੀ ਪੂਰਨ ਹੋਈ ਆਸਾ॥ (੬੩੦)

- ਸੰਤਹੁ ਸੁਨਹੁ ਸੁਨਹੁ ਜਨ ਭਾਈ ਗੁਰਿ ਕਾਢੀ ਬਾਹ ਕੁਕੀਜੈ॥
ਜੇ ਆਤਮ ਕਉ ਸੁਖੁ ਸੁਖੁ ਨਿਤ ਲੋੜਹੁ ਤਾਂ ਸਤਿਗੁਰ ਸਰਨਿ ਪਵੀਜੈ॥ (੧੩੨੬)

- ਸਤਿਗੁਰਿ ਮਿਲਿਐ ਸਦਾ ਸੁਖੁ ਜਿਸ ਨੋ ਆਪੇ ਮੇਲੇ ਸੋਇ॥ ਸੁਖੈ ਏਹੁ ਬਿਬੇਕੁ ਹੈ ਅੰਤਰੁ ਨਿਰਮਲੁ ਹੋਇ॥ (੯੪੭)

(੮) ਆਨੰਦ ਪ੍ਰਦਾਤਾ

- ਜਿਸੁ ਮਿਲਿਐ ਮਨਿ ਹੋਇ ਅਨੰਦੁ ਸੋ ਸਤਿਗੁਰੁ ਕਹੀਐ॥
ਮਨ ਕੀ ਦੁਬਿਧਾ ਬਿਨਸਿ ਜਾਇ ਹਰਿ ਪਰਮ ਪਦੁ ਲਹੀਐ॥ (੧੬੯)

- ਗੁਰਿ ਸਤਿਗੁਰਿ ਦਾਤੈ ਪੰਥੁ ਬਤਾਇਆ ਹਰਿ ਮਿਲਿਆ ਆਇ ਪ੍ਰਭੁ ਮੇਰੀ॥
ਅਨਦਿਨੁ ਅਨਦੁ ਭਇਆ ਵਡਭਾਗੀ ਸਭ ਆਸ ਪੁਜੀ ਜਨ ਕੇਰੀ॥ (੧੭੦)

- ਧੰਨੁ ਸੁ ਵੇਲਾ ਜਿਤੁ ਮੈ ਸਤਿਗੁਰੁ ਮਿਲਿਆ ਸੋ ਸਹੁ ਚਿਤਿ ਆਇਆ॥
ਮਹਾ ਅਨੰਦੁ ਸਹਜੁ ਭਇਆ ਮਨਿ ਤਨਿ ਸੁਖੁ ਪਾਇਆ॥ (੪੪੧)

- ਅਪੁਨੇ ਸਤਿਗੁਰ ਕੈ ਬਲਿਹਾਰੈ॥ ਆਗੈ ਸੁਖੁ ਪਾਛੈ ਸੁਖ ਸਹਜਾ ਘਰਿ ਆਨੰਦੁ ਹਮਾਰੈ॥ (੬੦੯)

- ਸਦਾ ਬਿਲਾਵਲੁ ਅਨੰਦੁ ਹੈ ਜੇ ਚਲਹਿ ਸਤਿਗੁਰ ਭਾਇ॥
ਸਤਸੰਗਤੀ ਬਹਿ ਭਾਉ ਕਰਿ ਸਦਾ ਹਰਿ ਕੇ ਗੁਣ ਗਾਇ॥ (੮੪੯)

- ਅਨੰਦੁ ਭਇਆ ਮੇਰੀ ਮਾਏ ਸਤਿਗੁਰੂ ਮੈ ਪਾਇਆ॥ (੯੧੭)

- ਸਤਿਗੁਰਿ ਸੇਵਿਐ ਸਹਜ ਅਨੰਦਾ॥ ਹਿਰਦੈ ਆਇ ਵੁਠਾ ਗੋਵਿੰਦਾ॥ (੧੦੬੩)

- ਸਦਾ ਅਨੰਦਿ ਰਹੈ ਦਿਨੁ ਰਾਤੀ ਏਕ ਸਬਦਿ ਲਿਵ ਲਾਈ॥
ਨਾਮੁ ਪਦਾਰਥੁ ਸਹਜੇ ਪਾਇਆ ਇਹ ਸਤਿਗੁਰ ਕੀ ਵਡਿਆਈ॥ (੧੨੬੫)

- ਸਤਿਗੁਰਿ ਪੂਰੈ ਨਾਮੁ ਦੀਆ॥ ਅਨਦ ਮੰਗਲ ਕਲਿਆਣ ਸਦਾ ਸੁਖੁ ਕਾਰਜੁ ਸਗਲਾ ਰਾਸਿ ਥੀਆ॥ (੧੩੪੦)

- ਐਸਾ ਧਨੁ ਦੀਆ ਸੁਖਦਾਤੈ ਨਿਖੁਟਿ ਨ ਕਬ ਹੀ ਜਾਈ॥
ਅਨਦੁ ਭਇਆ ਸੁਖ ਸਹਜਿ ਸਮਾਣੇ ਸਤਿਗੁਰਿ ਮੇਲਿ ਮਿਲਾਈ॥ (੬੦੮)

- ਸਰਬ ਸੁਖਾ ਕਾ ਦਾਤਾ ਸਤਿਗੁਰੁ ਤਾ ਕੀ ਸਰਨੀ ਪਾਈਐ॥
ਦਰਸਨੁ ਭੇਟਤ ਹੋਤ ਅਨੰਦਾ ਦੂਖੁ ਗਇਆ ਹਰਿ ਗਾਈਐ॥ (੬੩੦)

– ਸਚੁ ਸਹਜੁ ਅਨਦੁ ਸਤਿਗੁਰੂ ਪਾਸਿ ਸਚੀ ਗੁਰ ਮਣੀਆ॥ ਨਾਨਕ ਸੰਤ ਸਵਾਰੇ ਪਾਰਬ੍ਰਹਮਿ ਸਚੇ ਜਿਉ ਬਣਿਆ॥(੮੫੪)

(੯) ਜੋਤਿ ਪ੍ਰਕਾਸ਼ਕ ਅਥਵਾ ਨਾਮ ਪ੍ਰਕਾਸ਼ਕ

– ਮਿਲਿ ਸਤਿਗੁਰ ਸਭੁ ਦੁਖੁ ਗਇਆ ਹਰਿ ਸੁਖੁ ਵਸਿਆ ਮਨਿ ਆਇ॥
ਅੰਤਰਿ ਜੋਤਿ ਪ੍ਰਗਾਸੀਆ ਏਕਸੁ ਸਿਉ ਲਿਵ ਲਾਇ॥ (੪੬)

– ਸਭ ਏਕਾ ਜੋਤਿ ਜਾਣੈ ਜੇ ਕੋਈ॥ ਸਤਿਗੁਰੁ ਸੇਵਿਐ ਪਰਗਟੁ ਹੋਈ॥ (੧੨੦)

– ਸਤਿਗੁਰ ਸਚੇ ਵਾਹੁ ਸਚੁ ਸਮਾਲਿਆ॥ ਪਾਇਆ ਰਤਨੁ ਘਰਾਹੁ ਦੀਵਾ ਬਾਲਿਆ॥ (੧੪੯)

– ਕਰਿ ਕਿਰਪਾ ਜਉ ਸਤਿਗੁਰੁ ਮਿਲਿਓ॥ ਮਨ ਮੰਦਰ ਮਹਿ ਦੀਪਕੁ ਜਲਿਓ॥ (੨੩੫)

– ਹਰਿ ਕੀਰਤਿ ਕਲਜੁਗਿ ਪਦੁ ਊਤਮੁ ਹਰਿ ਪਾਈਐ ਸਤਿਗੁਰ ਮਾਝਾ॥
ਹਉ ਬਲਿਹਾਰੀ ਸਤਿਗੁਰ ਅਪੁਨੇ ਜਿਨਿ ਗੁਪਤੁ ਨਾਮੁ ਪਰਗਾਝਾ॥ (੬੯੭)

– ਸਤਿਗੁਰ ਸਬਦਿ ਉਜਾਰੋ ਦੀਪਾ॥ ਬਿਨਸਿਓ ਅੰਧਕਾਰ ਤਿਹ ਮੰਦਰਿ ਰਤਨ ਕੋਠੜੀ ਖੁਲ੍ਹੀ ਅਨੂਪਾ॥ (੮੨੧)

– ਪ੍ਰਗਟੀ ਜੋਤਿ ਚੂਕਾ ਅਭਿਮਾਨੁ॥ ਸਤਿਗੁਰਿ ਦੀਆ ਅੰਮ੍ਰਿਤ ਨਾਮੁ॥ (੧੩੨੮)

(੧੦) ਗੁਰਬਾਣੀ ਪ੍ਰਕਾਸ਼ਕ

– ਸੇ ਵਡਭਾਗੀ ਜਿ ਤੁਧੁ ਧਿਆਇਦੇ ਜਿਨ ਸਤਿਗੁਰੁ ਮਿਲੀਐ॥
ਸਤਿਗੁਰ ਕੀ ਬਾਣੀ ਸਤਿ ਸਰੂਪੁ ਹੈ ਗੁਰਬਾਣੀ ਬਣੀਐ॥ (੩੦੪)

– ਅਨਦਿਨੁ ਨਾਮੁ ਜਪਹੁ ਗੁਰਸਿਖਹੁ ਹਰਿ ਕਰਤਾ ਸਤਿਗੁਰੁ ਘਰੀ ਵਸਾਏ॥
ਸਤਿਗੁਰ ਕੀ ਬਾਣੀ ਸਤਿ ਸਤਿ ਕਰਿ ਜਾਣਹੁ ਗੁਰਸਿਖਹੁ ਹਰਿ ਕਰਤਾ ਆਪਿ ਮੁਹਹੁ ਕਢਾਏ॥ (੩੦੯)

(੧੧) ਬਿਖੁ ਭਵਜਲੋਂ ਪਾਰ ਉਤਾਰਾ ਕਰਨਹਾਰਾ

– ਜਿੰਨਾ ਸਤਗੁਰੁ ਰਸਿ ਮਿਲੈ ਸੇ ਪੂਰੇ ਪੁਰਖ ਸੁਜਾਣ॥ ਗੁਰ ਮਿਲਿ ਭਉਜਲੁ ਲੰਘੀਐ ਦਰਗਹ ਪਤਿ ਪਰਵਾਣੁ॥ (੨੨)

– ਸੁਣਿ ਮਨ ਮੇਰੇ ਭਜੁ ਸਤਗੁਰ ਸਰਣਾ॥ ਗੁਰ ਪਰਸਾਦੀ ਛੁਟੀਐ ਬਿਖੁ ਭਵਜਲੁ ਸਬਦਿ ਗੁਰ ਤਰਣਾ॥ (੩੩)

– ਭਾਈ ਰੇ ਭਵਜਲੁ ਬਿਖਮੁ ਡਰਾਂਉ॥ ਪੂਰਾ ਸਤਿਗੁਰੁ ਰਸਿ ਮਿਲੈ ਗੁਰੁ ਤਾਰੇ ਹਰਿ ਨਾਉ॥ (੬੩)

– ਸਤਿਗੁਰੁ ਸੇਵਹਿ ਆਪਣਾ ਭਉਜਲੁ ਉਤਰੇ ਪਾਰਿ॥ ਨਾਨਕ ਗੁਰਮੁਖਿ ਸਚਿ ਸਮਾਵਹਿ ਸਚੁ ਨਾਮੁ ਉਰ ਧਾਰਿ॥ (੮੯)

– ਸਤਿਗੁਰੁ ਸੇਵੀਐ ਆਪਣਾ ਪਾਈਐ ਨਾਮੁ ਅਪਾਰੁ॥ ਭਉਜਲਿ ਡੁਬਦਿਆ ਕਢਿ ਲਏ ਹਰਿ ਦਾਤਿ ਕਰੇ ਦਾਤਾਰੁ॥(੩੧੩)

- ਚੇਤਾ ਈ ਤਾਂ ਚੇਤਿ ਸਾਹਿਬੁ ਸਚਾ ਸੋ ਧਣੀ॥ ਨਾਨਕ ਸਤਿਗੁਰੁ ਸੇਵਿ ਚੜਿ ਬੋਹਿਥਿ ਭਉਜਲੁ ਪਾਰਿ ਪਉ॥ (੩੧੮)

- ਸਤਿਗੁਰ ਕੀਨੋ ਪਰਉਪਕਾਰੁ॥ ਕਾਢਿ ਲੀਨ ਸਾਗਰ ਸੰਸਾਰ॥ (੩੩੧)

- ਹਉ ਬਲਿਹਾਰੀ ਤਿਨ੍ ਕਉ ਮੇਰੀ ਜਿੰਦੁੜੀਏ ਜਿਨ੍ ਹਰਿ ਹਰਿ ਨਾਮੁ ਅਧਾਰੋ ਰਾਮ॥
ਗੁਰਿ ਸਤਿਗੁਰਿ ਨਾਮੁ ਦ੍ਰਿੜਾਇਆ ਮੇਰੀ ਜਿੰਦੁੜੀਏ ਬਿਖੁ ਭਉਜਲੁ ਤਾਰਣਹਾਰੋ ਰਾਮ॥ (੫੩੯)

- ਭਵਜਲਿ ਡੂਬਤ ਸਤਿਗੁਰੁ ਕਾਢੈ॥ ਜਨਮ ਜਨਮ ਕਾ ਟੂਟਾ ਗਾਢੈ॥ (੭੪੧)

- ਜੀਵਨ ਮੁਕਤਿ ਸੋ ਆਖੀਐ ਮਰਿ ਜੀਵੈ ਮਰੀਆ॥ ਜਨ ਨਾਨਕ ਸਤਿਗੁਰੁ ਮੇਲਿ ਹਰਿ ਜਗੁ ਦੁਤਰੁ ਤਰੀਆ॥ (੪੪੯)

(੧੨) ਮਨੋ ਕਾਮਨਾ ਅਥਵਾ ਸਰਬ ਇਛਾ ਪੂਰਨ ਕਰਨਹਾਰਾ

- ਸਭੁ ਕਿਛੁ ਵਸਗਤਿ ਸਾਹਿਬੈ ਆਪੇ ਕਰਣ ਕਰੇਵ॥ ਸਤਿਗੁਰ ਕੈ ਬਲਿਹਾਰਣੈ ਮਨਸਾ ਸਭ ਪੂਰੇਵ॥ (੪੪)

- ਜਿਤੜੇ ਫਲ ਮਨਿ ਬਾਛੀਅਹਿ ਤਿਤੜੇ ਸਤਿਗੁਰ ਪਾਸਿ॥ ਪੂਰਬ ਲਿਖੇ ਪਾਵਣੇ ਸਾਚੁ ਨਾਮੁ ਦੇ ਰਾਸਿ॥ (੫੨)

- ਸਤਿਗੁਰੁ ਸੇਵੇ ਤਾ ਸਭ ਕਿਛੁ ਪਾਏ॥ ਜੇਹੀ ਮਨਸਾ ਕਰਿ ਲਾਗੈ ਤੇਹਾ ਫਲੁ ਪਾਏ॥ (੧੧੬)

- ਕੋਈ ਪੁਤੁ ਸਿਖੁ ਸੇਵਾ ਕਰੇ ਸਤਿਗੁਰੂ ਕੀ ਤਿਸੁ ਕਾਰਜ ਸਭਿ ਸਵਾਰੇ॥
ਜੋ ਇਛੈ ਸੋ ਫਲੁ ਪਾਇਸੀ ਪੁਤੁ ਧਨੁ ਲਖਮੀ ਖੜਿ ਮੇਲੇ ਹਰਿ ਨਿਸਤਾਰੇ॥
ਸਭਿ ਨਿਧਾਨ ਸਤਿਗੁਰੂ ਵਿਚਿ ਜਿਸੁ ਅੰਦਰਿ ਹਰਿ ਉਰ ਧਾਰੇ॥ (੩੦੭)

- ਧਰਣਿ ਸੁਵੰਨੀ ਖੜ ਰਤਨ ਜੜਾਵੀ ਹਰਿ ਪ੍ਰੇਮ ਪੁਰਖੁ ਮਨਿ ਵੁਠਾ॥
ਸਭੇ ਕਾਜ ਸੁਹੇਲੜੇ ਥੀਏ ਗੁਰੁ ਨਾਨਕੁ ਸਤਿਗੁਰੁ ਤੁਠਾ॥ (੩੨੨)

- ਨਾਨਕ ਸੇ ਪੂਰੇ ਵਡਭਾਗੀ ਸਤਿਗੁਰ ਸੇਵਾ ਲਾਏ॥ ਜੋ ਇਛਹਿ ਸੋਈ ਫਲੁ ਪਾਵਹਿ ਗੁਰਬਾਣੀ ਸੁਖੁ ਪਾਏ॥ (੧੧੩੦)

- ਪ੍ਰਭੁ ਹੋਇ ਕ੍ਰਿਪਾਲੁ ਤ ਇਹੁ ਮਨੁ ਲਾਈ॥ ਸਤਿਗੁਰੁ ਸੇਵਿ ਸਭੈ ਫਲ ਪਾਈ॥ (੩੭੫)

- ਮਨ ਚਿੰਦਿਆ ਸਤਿਗੁਰੂ ਦਿਵਾਇਆ॥ ਭਏ ਅਚਿੰਤ ਏਕ ਲਿਵ ਲਾਇਆ॥ (੩੯੬)

- ਤਿਸੁ ਆਗੈ ਅਰਦਾਸਿ ਜਿਨਿ ਉਪਾਇਆ॥ ਸਤਿਗੁਰੁ ਅਪਣਾ ਸੇਵਿ ਸਭ ਫਲ ਪਾਇਆ॥ (੫੧੬)

- ਸਿਮਰਿ ਸਿਮਰਿ ਗੁਰੁ ਸਤਿਗੁਰੁ ਅਪਨਾ ਸਗਲਾ ਦੂਖੁ ਮਿਟਾਇਆ॥
ਤਾਪ ਰੋਗ ਗਏ ਗੁਰ ਬਚਨੀ ਮਨ ਇਛੇ ਫਲ ਪਾਇਆ॥ (੬੧੯)

- ਅਪਨੇ ਸਤਿਗੁਰ ਕੀ ਵਡਿਆਈ॥ ਮਨ ਇਛੇ ਫਲ ਪਾਈ॥ (੬੨੬)

- ਸਤਿਗੁਰ ਕੀ ਸੇਵਾ ਸਫਲੁ ਹੈ ਜੇ ਕੋ ਕਰੇ ਚਿਤੁ ਲਾਇ॥ ਮਨਿ ਚਿੰਦਿਆ ਫਲੁ ਪਾਵਣਾ ਹਉਮੈ ਵਿਚਹੁ ਜਾਇ॥ (੬੪੪)

- ਹਰਿ ਜਨ ਦੇਖਹੁ ਸਤਿਗੁਰੁ ਨੈਨੀ॥ ਜੋ ਇਛਹੁ ਸੋਈ ਫਲੁ ਪਾਵਹੁ ਹਰਿ ਬੋਲਹੁ ਗੁਰਮਤਿ ਬੈਨੀ॥ (੮੦੦)

- ਨਦਰਿ ਕਰੇ ਜਿਸੁ ਆਪਣੀ ਸੋ ਚਲੈ ਸਤਿਗੁਰ ਭਾਇ॥ ਸਤਿਗੁਰ ਕਾ ਦਰਸਨੁ ਸਫਲੁ ਹੈ ਜੋ ਇਛੈ ਸੋ ਫਲੁ ਪਾਇ॥(੧੪੨੨)

- ਸਤਿਗੁਰ ਤੇ ਖਾਲੀ ਕੋ ਨਹੀ ਮੇਰੈ ਪ੍ਰਭਿ ਮੇਲਿ ਮਿਲਾਏ॥
  ਸਤਿਗੁਰ ਕਾ ਦਰਸਨੁ ਸਫਲੁ ਹੈ ਜੇਹਾ ਕੋ ਇਛੇ ਤੇਹਾ ਫਲੁ ਪਾਏ॥ (੮੫੦)

- ਸਭ ਇਛ ਪੁੰਨੀ ਆਸ ਪੂਰੀ ਮਿਲੇ ਸਤਿਗੁਰ ਪੂਰਿਆ॥
  ਬਿਨਵੰਤਿ ਨਾਨਕ ਪ੍ਰਭਿ ਆਪਿ ਮੇਲੇ ਫਿਰਿ ਨਾਹੀ ਦੂਖ ਵਿਸੂਰਿਆ॥ (੯੨੬)

- ਰਣ ਝੁੰਝਨੜਾ ਗਾਉ ਸਖੀ ਹਰਿ ਏਕੁ ਧਿਆਵਹੁ॥ ਸਤਿਗੁਰੁ ਤੁਮ ਸੇਵਿ ਸਖੀ ਮਨਿ ਚਿੰਦਿਅੜਾ ਫਲੁ ਪਾਵਹੁ॥(੯੨੭)

- ਸੁਖੁ ਪਾਇਆ ਸਤਿਗੁਰੂ ਮਨਾਇ॥ ਸਭ ਫਲ ਪਾਏ ਗੁਰੂ ਧਿਆਇ॥ (੧੧੪੧)

- ਸਤਿਗੁਰੁ ਮੇਰਾ ਸਦਾ ਹੈ ਦਾਤਾ ਜੋ ਇਛੈ ਸੋ ਫਲੁ ਪਾਏ॥
  ਨਾਨਕ ਨਾਮੁ ਮਿਲੈ ਵਡਿਆਈ ਗੁਰ ਸਬਦੀ ਸਚੁ ਪਾਏ॥ (੧੩੩੩)

- ਮੇਰੇ ਮਨ ਸਤਿਗੁਰੁ ਸੇਵਿ ਸੁਖੁ ਹੋਈ॥ ਜੋ ਇਛਹੁ ਸੋਈ ਫਲੁ ਪਾਵਹੁ ਫਿਰਿ ਦੂਖੁ ਨ ਵਿਆਪੈ ਕੋਈ॥ (੮੮੨)

(੧੩) ਕਾਮ, ਕ੍ਰੋਧ, ਲੋਭ, ਮੋਹ, ਹੰਕਾਰ, ਆਦਿਕ ਪੰਜੇ ਦੂਤ ਵਸਿ ਕਰਨਹਾਰਾ

- ਸਤਿਗੁਰ ਦਇਆਲ ਕਿਰਪਾਲ ਭੇਟਤ ਹਰੇ ਕਾਮੁ ਕ੍ਰੋਧੁ ਲੋਭੁ ਮਾਰਿਆ॥
  ਕਥਨੁ ਨ ਜਾਇ ਅਕਥੁ ਸੁਆਮੀ ਸਦਕੈ ਜਾਇ ਨਾਨਕੁ ਵਾਰਿਆ॥ (੮੧)

- ਸੋ ਸਤਿਗੁਰੁ ਜਿ ਸਚੁ ਧਿਆਇਦਾ ਸਚੁ ਸਚਾ ਸਤਿਗੁਰੁ ਇਕੇ॥
  ਸੋਈ ਸਤਿਗੁਰੁ ਪੁਰਖੁ ਹੈ ਜਿਨਿ ਪੰਜੇ ਦੂਤ ਕੀਤੇ ਵਸਿ ਛਿਕੇ॥ (੩੦੪)

- ਸਚੁ ਸਚਾ ਸਤਿਗੁਰੁ ਪੁਰਖੁ ਹੈ ਜਿਨਿ ਕਾਮੁ ਕ੍ਰੋਧੁ ਬਿਖੁ ਮਾਰਿਆ॥
  ਜਾ ਡਿਠਾ ਪੂਰਾ ਸਤਿਗੁਰੂ ਤਾਂ ਅੰਦਰਹੁ ਮਨੁ ਸਾਧਾਰਿਆ॥ (੩੧੦)

- ਕਾਮੁ ਕ੍ਰੋਧੁ ਅਹੰਕਾਰੁ ਬਿਨਸੈ ਮਿਲੈ ਸਤਿਗੁਰ ਦੇਵ॥ ਨਾਮੁ ਦ੍ਰਿੜੁ ਕਰਿ ਭਗਤਿ ਹਰਿ ਕੀ ਭਲੀ ਪ੍ਰਭ ਕੀ ਸੇਵ॥(੪੦੫)

- ਜੋ ਹਰਿ ਨਾਮੁ ਧਿਆਇਦੇ ਮੇਰੀ ਜਿੰਦੁੜੀਏ ਤਿਨਾ ਪੰਚੇ ਵਸਗਤਿ ਆਏ ਰਾਮ॥
ਅੰਤਰਿ ਨਵ ਨਿਧਿ ਨਾਮੁ ਹੈ ਮੇਰੀ ਜਿੰਦੁੜੀਏ ਗੁਰੁ ਸਤਿਗੁਰੁ ਅਲਖੁ ਲਖਾਏ ਰਾਮ॥ (੫੩੯)

- ਪੰਚ ਦੂਤ ਚਿਤਵਹਿ ਵਿਕਾਰਾ॥ ਮਾਇਆ ਮੋਹ ਕਾ ਏਹੁ ਪਸਾਰਾ॥
ਸਤਿਗੁਰੁ ਸੇਵੇ ਤਾ ਮੁਕਤੁ ਹੋਵੈ ਪੰਚ ਦੂਤ ਵਸਿ ਆਇਆ॥ (੧੦੬੮)

- ਸੋ ਜਾਗੈ ਜਿਸੁ ਸਤਿਗੁਰੁ ਮਿਲੈ॥ ਪੰਚ ਦੂਤ ਓਹੁ ਵਸਗਤਿ ਕਰੈ॥ (੧੧੨੮)

- ਸਤਗੁਰਿ ਦਯਾਲਿ ਹਰਿ ਨਾਮੁ ਦ੍ਰਿੜ੍ਹਾਯਾ ਤਿਸੁ ਪ੍ਰਸਾਦਿ ਵਸਿ ਪੰਚ ਕਰੇ॥
ਕਵਿ ਕਲ੍ਹ ਠਕੁਰ ਹਰਦਾਸ ਤਨੇ ਗੁਰ ਰਾਮਦਾਸ ਸਰ ਅਭਰ ਭਰੇ॥ (੧੩੯੭)

(੧੪) ਸਗਲ ਦੁੱਖਾਂ ਨੂੰ ਨਾਸ਼ ਕਰਨਹਾਰਾ

- ਮਿਲਿ ਸਤਿਗੁਰ ਸਭੁ ਦੁਖੁ ਗਇਆ ਹਰਿ ਸੁਖੁ ਵਸਿਆ ਮਨਿ ਆਇ॥
ਅੰਤਰਿ ਜੋਤਿ ਪ੍ਰਗਾਸੀਆ ਏਕਸੁ ਸਿਉ ਲਿਵ ਲਾਇ॥ (੪੬)

- ਸਤਿਗੁਰੁ ਮੇਰਾ ਵਡ ਸਮਰਥਾ॥ ਜੀਇ ਸਮਾਲੀ ਤਾ ਸਭੁ ਦੁਖੁ ਲਥਾ॥ (੯੮)

- ਸਤਿਗੁਰੁ ਹੋਇ ਦਇਆਲੁ ਤਾ ਦੁਖੁ ਨ ਜਾਣੀਐ॥ ਸਤਿਗੁਰੁ ਹੋਇ ਦਇਆਲੁ ਤਾ ਹਰਿ ਰੰਗੁ ਮਾਣੀਐ॥ (੧੪੯)

- ਸਤਿਗੁਰ ਤੇ ਹਮ ਗਤਿ ਪਤਿ ਪਾਈ॥ ਹਰਿ ਨਾਮੁ ਧਿਆਇਆ ਦੂਖੁ ਸਗਲ ਮਿਟਾਈ॥ (੨੩੩)

- ਸਤਿਗੁਰ ਹਰਿ ਪ੍ਰਭੁ ਦਸਿ ਨਾਮੁ ਧਿਆਈ ਮਨਿ ਹਰੀ॥
ਨਾਨਕ ਨਾਮੁ ਪਵਿਤੁ ਹਰਿ ਮੁਖਿ ਬੋਲੀ ਸਭਿ ਦੁਖ ਪਰਹਰੀ॥ (੩੦੧)

- ਸਤਿਗੁਰਿ ਪੂਰੈ ਸੇਵਿਐ ਦੂਖਾ ਕਾ ਹੋਇ ਨਾਸੁ॥ ਨਾਨਕ ਨਾਮਿ ਅਰਾਧਿਐ ਕਾਰਜੁ ਆਵੈ ਰਾਸਿ॥ (੩੨੦)

- ਗੁਰਿ ਅੰਮ੍ਰਿਤੁ ਹਰਿ ਮੁਖਿ ਚੋਇਆ ਮੇਰੀ ਜਿੰਦੁੜੀਏ ਫਿਰਿ ਮਰਦਾ ਬਹੁੜਿ ਜੀਵਾਇਆ ਰਾਮ॥
ਜਨ ਨਾਨਕ ਸਤਿਗੁਰ ਜੋ ਮਿਲੇ ਮੇਰੀ ਜਿੰਦੁੜੀਏ ਤਿਨ ਕੇ ਸਭ ਦੁਖ ਗਵਾਇਆ ਰਾਮ॥ (੫੩੯)

- ਕਾਹੇ ਮਨ ਤੂ ਡੋਲਤਾ ਹਰਿ ਮਨਸਾ ਪੂਰਣਹਾਰੁ॥ ਸਤਿਗੁਰੁ ਪੁਰਖੁ ਧਿਆਇ ਤੂ ਸਭਿ ਦੁਖ ਵਿਸਾਰਣਹਾਰੁ॥ (੯੫੯)

(੧੫) ਸਗਲ ਪਾਪਾਂ ਸੰਤਾਪਾਂ ਕਸੰਮਲਾਂ ਰੋਗਾਂ ਸੋਗਾਂ ਨੂੰ ਦੂਰ ਕਰਨਹਾਰਾ

- ਉਦਮੁ ਕਰਤ ਮਨੁ ਨਿਰਮਲੁ ਹੋਆ॥ ਹਰਿ ਮਾਰਗਿ ਚਲਤ ਭ੍ਰਮੁ ਸਗਲਾ ਖੋਇਆ॥
ਨਾਮੁ ਨਿਧਾਨੁ ਸਤਿਗੁਰੂ ਸੁਣਾਇਆ ਮਿਟਿ ਗਏ ਸਗਲੇ ਰੋਗਾ ਜੀਉ॥ (੯੯)

- ਹਮ ਰੁਲਤੇ ਫਿਰਤੇ ਕੋਈ ਬਾਤ ਨ ਪੂਛਤਾ ਗੁਰ ਸਤਿਗੁਰ ਸੰਗਿ ਕੀਰੇ ਹਮ ਥਾਪੇ॥
ਧੰਨੁ ਧੰਨੁ ਗੁਰੂ ਨਾਨਕ ਜਨ ਕੇਰਾ ਜਿਤੁ ਮਿਲਿਐ ਚੂਕੇ ਸਭਿ ਸੋਗ ਸੰਤਾਪੇ॥ (੧੬੭)

- ਗੁਰ ਸਤਿਗੁਰ ਤਾਣੁ ਦੀਬਾਣੁ ਹਰਿ ਤਿਨਿ ਸਭ ਆਣਿ ਨਿਵਾਈ॥
ਜਿਨੀ ਡਿਠਾ ਮੇਰਾ ਸਤਿਗੁਰੁ ਭਾਉ ਕਰਿ ਤਿਨ ਕੇ ਸਭਿ ਪਾਪ ਗਵਾਈ॥ (੩੧੦)

- ਸਾ ਸੇਵਾ ਕੀਤੀ ਸਫਲ ਹੈ ਜਿਤੁ ਸਤਿਗੁਰ ਕਾ ਮਨੁ ਮੰਨੇ॥
ਜਾ ਸਤਿਗੁਰ ਕਾ ਮਨੁ ਮੰਨਿਆ ਤਾ ਪਾਪ ਕਸੰਮਲ ਭੰਨੇ॥ (੩੧੪)

- ਗੁਰੁ ਪੂਰਾ ਪਾਇਓ ਮੇਰੇ ਭਾਈ॥ ਰੋਗ ਸੋਗ ਸਭ ਦੂਖ ਬਿਨਾਸੇ ਸਤਿਗੁਰ ਕੀ ਸਰਣਾਈ॥ (੩੯੫)

- ਸਤਿਗੁਰ ਕੀ ਸੇਵਾ ਸੋ ਕਰੇ ਜਿਸੁ ਬਿਨਸੈ ਹਉਮੈ ਤਾਪੁ॥ ਨਾਨਕ ਕਉ ਗੁਰੁ ਭੇਟਿਆ ਬਿਨਸੇ ਸਗਲ ਸੰਤਾਪ॥ (੪੫)

(੧੬) ਪਤੀ ਪ੍ਰਮਾਤਮਾ ਨੂੰ ਮੇਲਣਹਾਰਾ

- ਕਥਨੀ ਬਦਨੀ ਨ ਪਾਈਐ ਹਉਮੈ ਵਿਚਹੁ ਜਾਇ॥ ਸਤਗੁਰਿ ਮਿਲਿਐ ਸਦ ਭੈ ਰਚੈ ਆਪਿ ਵਸੈ ਮਨਿ ਆਇ॥ (੩੨)

- ਮੇਰੇ ਭਾਈ ਜਨਾ ਕੋਈ ਮੋ ਕਉ ਹਰਿ ਪ੍ਰਭੁ ਮੇਲਿ ਮਿਲਾਇ॥
ਹਉ ਸਤਿਗੁਰ ਵਿਟਹੁ ਵਾਰਿਆ ਜਿਨਿ ਹਰਿ ਪ੍ਰਭੁ ਦੀਆ ਦਿਖਾਇ॥ (੪੧)

- ਸਤਿਗੁਰਿ ਪੁਰਖਿ ਮਿਲਾਇਆ ਇਕੋ ਸਜਣੁ ਸੋਇ॥ ਹਰਿ ਜਨ ਕਾ ਰਾਖਾ ਏਕੁ ਹੈ ਕਿਆ ਮਾਣਸ ਹਉਮੈ ਰੋਇ॥(੪੨)

- ਊਚਾ ਊਚਉ ਆਖੀਐ ਕਹਉ ਨ ਦੇਖਿਆ ਜਾਇ॥ ਜਹ ਦੇਖਾ ਤਹ ਏਕੁ ਤੂੰ ਸਤਿਗੁਰਿ ਦੀਆ ਦਿਖਾਇ॥ (੫੫)

- ਘਟਿ ਘਟਿ ਰਮਈਆ ਮਨਿ ਵਸੈ ਕਿਉ ਪਾਈਐ ਕਿਤੁ ਭਤਿ॥
ਗੁਰੁ ਪੂਰਾ ਸਤਿਗੁਰੁ ਭੇਟੀਐ ਹਰਿ ਆਇ ਵਸੈ ਮਨਿ ਚਿਤਿ॥ (੮੨)

- ਤ੍ਰਿਭਵਣੁ ਖੋਜਿ ਢੰਢੋਲਿਆ ਗੁਰਮੁਖਿ ਖੋਜਿ ਨਿਹਾਲਿ॥ ਸਤਗੁਰਿ ਮੇਲਿ ਮਿਲਾਇਆ ਨਾਨਕ ਸੋ ਪ੍ਰਭੁ ਨਾਲਿ॥ (੨੦)

- ਬਿਨੁ ਨਾਵੈ ਬਹੁ ਫੇਰੁ ਫਿਰਾਹਰਿ॥ ਸਤਿਗੁਰ ਸੰਗਿ ਦਿਖਾਇਆ ਜਾਹਰਿ॥ (੯੬੫)

- ਸਤਿਗੁਰ ਵਿਚਿ ਵਡੀ ਵਡਿਆਈ॥ ਚਿਰੀ ਵਿਛੁੰਨੇ ਮੇਲਿ ਮਿਲਾਈ॥ (੩੬੧)

- ਸਤਿਗੁਰ ਕਾ ਸਚੁ ਸਬਦੁ ਕਮਾਵਹੁ॥ ਥਿਰੁ ਘਰਿ ਬੈਠੇ ਪ੍ਰਭੁ ਅਪਨਾ ਪਾਵਹੁ॥ (੩੮੬)

- ਸੋ ਹਰਿ ਹਰਿ ਨਾਮੁ ਸਦਾ ਸਦਾ ਸਮਾਲੇ ਜਿਸੁ ਸਤਗੁਰੁ ਪੂਰਾ ਮੇਰਾ ਮਿਲਿਆ॥
ਨਾਨਕ ਹਰਿ ਜਨ ਹਰਿ ਇਕੇ ਹੋਏ ਹਰਿ ਜਪਿ ਹਰਿ ਸੇਤੀ ਰਲਿਆ॥ (੫੬੨)

- ਤਿਸੁ ਆਗੈ ਮੈ ਜੋਦੜੀ ਮੇਰਾ ਪ੍ਰੀਤਮੁ ਦੇਇ ਮਿਲਾਇ॥
ਸਤਿਗੁਰੁ ਪੁਰਖੁ ਦਇਆਲ ਪ੍ਰਭੁ ਹਰਿ ਮੇਲੇ ਢਿਲ ਨ ਪਾਇ॥ (੯੯੬)

- ਕੋਈ ਐਸਾ ਸਜਣੁ ਲੋੜਿ ਲਹੁ ਮੈ ਪ੍ਰੀਤਮੁ ਦੇਇ ਮਿਲਾਇ॥
ਸਤਿਗੁਰਿ ਮਿਲਿਐ ਹਰਿ ਪਾਇਆ ਮਿਲਿਆ ਸਹਜਿ ਸੁਭਾਇ॥ (੭੫੮)

- ਪ੍ਰਿਉ ਪ੍ਰਿਉ ਕਰਤੀ ਸਭੁ ਜਗੁ ਫਿਰੀ ਮੇਰੀ ਪਿਆਸ ਨ ਜਾਇ॥
ਨਾਨਕ ਸਤਿਗੁਰਿ ਮਿਲਿਐ ਮੇਰੀ ਪਿਆਸ ਗਈ ਪਿਰੁ ਪਾਇਆ ਘਰਿ ਆਇ॥ (੫੫੩)

- ਪ੍ਰਭੁ ਮੇਰਾ ਸਾਹਿਬੁ ਸਭ ਦੂ ਊਚਾ ਹੈ ਕਿਵ ਮਿਲਾਂ ਪ੍ਰੀਤਮ ਪਿਆਰੇ॥
ਸਤਿਗੁਰਿ ਮੇਲੀ ਤਾਂ ਸਹਜਿ ਮਿਲੀ ਪਿਰੁ ਰਾਖਿਆ ਉਰ ਧਾਰੇ॥ (੫੯੪)

(੧੭) ਸਚੀ ਸਾਂਤੀ ਸਚੀ ਸੀਤਲਤਾ ਬਖਸ਼ਣਹਾਰਾ

- ਲਖ ਖੁਸੀਆ ਪਾਤਿਸਾਹੀਆ ਜੇ ਸਤਿਗੁਰੁ ਨਦਰਿ ਕਰੇਇ॥
ਨਿਮਖ ਏਕ ਹਰਿ ਨਾਮੁ ਦੇਇ ਮੇਰਾ ਮਨੁ ਤਨੁ ਸੀਤਲੁ ਹੋਇ॥ (੪੪)

- ਜਿਨੀ ਸਤਿਗੁਰੁ ਸੇਵਿਆ ਤਿਨੀ ਨਾਉ ਪਾਇਆ ਬੂਝਹੁ ਕਰਿ ਬੀਚਾਰੁ॥
ਸਦਾ ਸਾਂਤਿ ਸੁਖੁ ਮਨਿ ਵਸੈ ਚੂਕੈ ਕੂਕ ਪੁਕਾਰ॥ (੯੬)

- ਅਗਨਿ ਸਾਗਰੁ ਮਹਾ ਵਿਆਪੈ ਮਾਇਆ॥ ਸੇ ਸੀਤਲ ਜਿਨ ਸਤਿਗੁਰੁ ਪਾਇਆ॥ (੧੯੨)

- ਦਰਸਨੁ ਪੇਖਤ ਮੈ ਜੀਓ॥ ਸੁਨਿ ਕਰਿ ਬਚਨ ਤੁਮ੍ਹਾਰੇ ਸਤਿਗੁਰ ਮਨੁ ਤਨੁ ਮੇਰਾ ਠਾਰੁ ਥੀਓ॥ (੩੯੨)

- ਜਿਨ ਸਤਿਗੁਰੁ ਪੁਰਖੁ ਜਿਨਿ ਹਰਿ ਪ੍ਰਭੁ ਪਾਇਆ ਮੋ ਕਉ ਕਰਿ ਉਪਦੇਸੁ ਹਰਿ ਮੀਠ ਲਗਾਵੈ॥
ਮਨੁ ਤਨੁ ਸੀਤਲੁ ਸਭ ਹਰਿਆ ਹੋਆ ਵਡਭਾਗੀ ਹਰਿ ਨਾਮੁ ਧਿਆਵੈ॥ (੪੯੪)

- ਸਤਿਗੁਰੁ ਦਾਤਾ ਸੇਵੀਐ ਸਬਦੁ ਵਸੈ ਮਨਿ ਆਇ॥ ਮਨੁ ਤਨੁ ਸੀਤਲੁ ਸਾਂਤਿ ਹੋਇ ਤ੍ਰਿਸਨਾ ਅਗਨਿ ਬੁਝਾਇ॥(੫੯੯)

- ਵਾਹੁ ਵਾਹੁ ਸਤਿਗੁਰੁ ਪੁਰਖੁ ਹੈ ਜਿਨਿ ਸਚੁ ਜਾਤਾ ਸੋਇ॥ਜਿਤੁ ਮਿਲਿਐ ਤਿਖ ਉਤਰੈ ਤਨੁ ਮਨੁ ਸੀਤਲੁ ਹੋਇ॥ (੧੪੨੧)

(੧੮) ਜੰਮਣ ਮਰਣ ਤੋਂ ਰਹਿਤ ਕਰਣਹਾਰਾ

- ਸਤਿਗੁਰਿ ਮਿਲਿਐ ਫੇਰੁ ਨ ਪਵੈ ਜਨਮ ਮਰਣ ਦੁਖੁ ਜਾਇ॥ਪੂਰੈ ਸਬਦਿ ਸਭ ਸੋਝੀ ਹੋਈ ਹਰਿ ਨਾਮੈ ਰਹੈ ਸਮਾਇ॥(੬੯)

- ਹਰਿ ਪ੍ਰਭੁ ਆਪਿ ਦਇਆਲ ਹੋਹਿ ਤਾਂ ਸਤਿਗੁਰੁ ਮਿਲਿਆ ਆਇ॥
ਜਨ ਨਾਨਕ ਨਾਮੁ ਸਲਾਹਿ ਤੂ ਜਨਮ ਮਰਣ ਦੁਖੁ ਜਾਇ॥ (੩੧੩)

- ਜਿਤੁ ਕੋ ਲਾਇਆ ਤਿਤ ਹੀ ਲਾਗਾ ਤੈਸੇ ਕਰਮ ਕਮਾਵੈ॥
ਕਹੁ ਕਬੀਰ ਜਿਸੁ ਸਤਿਗੁਰੁ ਭੇਟੈ ਪੁਨਰਪਿ ਜਨਮਿ ਨ ਆਵੈ॥(੪੭੬)

- ਨਾਨਕ ਨਦਰਿ ਕਰੇ ਜੇ ਆਪਣੀ ਸਤਿਗੁਰੁ ਮੇਲੈ ਸੋਇ॥ ਗੁਰ ਪ੍ਰਸਾਦਿ ਜੀਵਤੁ ਮਰੈ ਤਾ ਫਿਰਿ ਮਰਣੁ ਨ ਹੋਇ॥(੫੫੪)

- ਸਤਿਗੁਰਿ ਸੇਵਿਐ ਸਦਾ ਸੁਖੁ ਜਨਮ ਮਰਣ ਦੁਖੁ ਜਾਇ॥ ਚਿੰਤਾ ਮੂਲਿ ਨ ਹੋਵਈ ਅਚਿੰਤੁ ਵਸੈ ਮਨਿ ਆਇ॥(੫੮੭)

- ਸਤਿਗੁਰ ਕੈ ਜਨਮੇ ਗਵਨੁ ਮਿਟਾਇਆ॥ ਅਨਹਤਿ ਰਾਤੇ ਇਹੁ ਮਨੁ ਲਾਇਆ॥ (੯੪੦)

- ਮਿਟਿਆ ਆਵਾ ਗਉਨੁ ਜਾਂ ਪੂਰਾ ਪਾਇਆ॥ ਹਰਿਹਾਂ ਅੰਮ੍ਰਿਤੁ ਹਰਿ ਕਾ ਨਾਮੁ ਸਤਿਗੁਰ ਤੇ ਪਾਇਆ॥ (੧੩੬੨)

- ਸਦਾ ਨਾਮੁ ਸਮਾਲੇ ਸਤਿਗੁਰੁ ਹੈ ਨਾਲੇ ਸਤਿਗੁਰੁ ਸੇਵਿ ਸੁਖੁ ਪਾਇਆ॥
ਸਬਦੇ ਕਾਲੁ ਮਾਰਿ ਸਚੁ ਉਰਿ ਧਾਰਿ ਫਿਰਿ ਆਵਣ ਜਾਣੁ ਨ ਹੋਇਆ॥ (੫੮੪)

- ਈਹਾ ਸੁਖੁ ਆਗੈ ਮੁਖ ਊਜਲ ਮਿਟਿ ਗਏ ਆਵਣ ਜਾਣੇ॥
ਨਿਰਭਉ ਭਏ ਹਿਰਦੈ ਨਾਮੁ ਵਸਿਆ ਅਪੁਨੇ ਸਤਿਗੁਰ ਕੈ ਮਨਿ ਭਾਣੇ॥ (੬੧੪)

- ਸਤਿਗੁਰ ਪੂਛਿ ਸੰਗਤਿ ਜਨ ਕੀਜੈ॥ ਮਨੁ ਹਰਿ ਰਾਚੈ ਨਹੀ ਜਨਮਿ ਮਰੀਜੈ॥ (੯੦੫)

- ਗੁਰਮੁਖ ਸਉ ਕਰਿ ਦੋਸਤੀ ਸਤਿਗੁਰ ਸਉ ਲਾਇ ਚਿਤੁ॥ ਜੰਮਣ ਮਰਣ ਕਾ ਮੂਲੁ ਕਟੀਐ ਤਾਂ ਸੁਖੁ ਹੋਵੀ ਮਿਤ॥(੧੪੨੧)

(੧੯) ਜਮਕਾਲ, ਜਮਡੰਡ ਤੋਂ ਛੁਟਕਾਰਾ ਕਰਣਹਾਰਾ

- ਸਤਿਗੁਰੁ ਗਹਿਰ ਗਭੀਰੁ ਹੈ ਸੁਖ ਸਾਗਰੁ ਅਘਖੰਡੁ॥ ਜਿਨਿ ਗੁਰੁ ਸੇਵਿਆ ਆਪਣਾ ਜਮਦੂਤ ਨ ਲਾਗੈ ਡੰਡੁ॥ (੫੦)

- ਸਤਿਗੁਰ ਅਗੈ ਅਰਦਾਸਿ ਕਰਿ ਸਾਜਨੁ ਦੇਇ ਮਿਲਾਇ॥
ਸਾਜਨਿ ਮਿਲਿਐ ਸੁਖੁ ਪਾਇਆ ਜਮਦੂਤ ਮੁਏ ਬਿਖੁ ਖਾਇ॥ (੫੫)

- ਸਤਿਗੁਰੁ ਹੋਇ ਦਇਆਲੁ ਤਾ ਜਮ ਕਾ ਡਰੁ ਕੇਹਾ॥ ਸਤਿਗੁਰੁ ਹੋਇ ਦਇਆਲੁ ਤਾ ਸਦ ਹੀ ਸੁਖੁ ਦੇਹਾ॥ (੧੪੯)

- ਸਤਿਗੁਰੂ ਨੋ ਅਪੜਿ ਕੋਇ ਨ ਸਕਈ ਜਿਸੁ ਵਲਿ ਸਿਰਜਣਹਾਰਿਆ॥
ਸਤਿਗੁਰੂ ਕਾ ਖੜਗੁ ਸੰਜੋਉ ਹਰਿ ਭਗਤਿ ਹੈ ਜਿਤੁ ਕਾਲੁ ਕੰਟਕੁ ਮਾਰਿ ਵਿਡਾਰਿਆ॥ (੩੧੨)

- ਤੁਸਿ ਦਿਤਾ ਪੂਰੈ ਸਤਿਗੁਰੂ ਹਰਿ ਧਨੁ ਸਚੁ ਅਖੁਟੁ॥ ਸਭਿ ਅੰਦੇਸੇ ਮਿਟਿ ਗਏ ਜਮ ਕਾ ਭਉ ਛੁਟੁ॥ (੩੧੫)

- ਜਿਨ੍ਹਾ ਸਤਿਗੁਰ ਸਿਉ ਚਿਤੁ ਲਾਇਆ ਸੁ ਖਾਲੀ ਕੋਈ ਨਾਹਿ॥

ਤਿਨ ਜਮ ਕੀ ਤਲਬ ਨ ਹੋਵਈ ਨਾ ਓਇ ਦੁਖ ਸਹਾਹਿ॥ (੫੧੬)

- ਹਰਿ ਹਰਿ ਨਾਮੁ ਜਿਨੀ ਆਰਾਧਿਆ ਤਿਨ ਕੇ ਦੁਖ ਪਾਪ ਨਿਵਾਰੇ॥
ਸਤਿਗੁਰਿ ਗਿਆਨ ਖੜਗੁ ਹਥਿ ਦੀਨਾ ਜਮਕੰਕਰ ਮਾਰਿ ਬਿਦਾਰੇ॥ (੫੭੪)

- ਪੁਤ੍ਰ ਕਲਤ੍ਰ ਜਗਿ ਹੇਤੁ ਪਿਆਰਾ॥ ਮਾਇਆ ਮੋਹੁ ਪਸਰਿਆ ਪਾਸਾਰਾ॥
ਜਮ ਕੇ ਫਾਹੇ ਸਤਿਗੁਰਿ ਤੋੜੇ ਗੁਰਮੁਖਿ ਤਤੁ ਬੀਚਾਰਾ ਹੇ॥ (੧੦੨੯)

- ਆਪੇ ਸਾਜੇ ਸ੍ਰਿਸਟਿ ਉਪਾਏ॥ ਵਿਰਲੇ ਕਉ ਗੁਰ ਸਬਦੁ ਬੁਝਾਏ॥
ਸਤਿਗੁਰੁ ਸੇਵਹਿ ਸੇ ਜਨ ਸਾਚੇ ਕਾਟੇ ਜਮ ਕਾ ਫਾਹਾ ਹੇ॥ (੧੦੫੩)

- ਸਤਿਗੁਰ ਸੇਵਾ ਜਮ ਕੀ ਕਾਣਿ ਚੁਕਾਈ॥ ਹਰਿ ਪ੍ਰਭੁ ਮਿਲਿਆ ਮਹਲੁ ਘਰੁ ਪਾਈ॥ (੧੨੬੧)

- ਹਰਿ ਨਾਮੁ ਹਮਾਰਾ ਵਣਜੁ ਹਰਿ ਨਾਮੁ ਵਾਪਾਰੁ ਹਰਿ ਨਾਮੈ ਕੀ ਹਮ ਕੰਉ ਸਤਿਗੁਰਿ ਕਾਰਕੁਨੀ ਦੀਈ॥
ਹਰਿ ਨਾਮੈ ਕਾ ਹਮ ਲੇਖਾ ਲਿਖਿਆ ਸਭ ਜਮ ਕੀ ਅਗਲੀ ਕਾਣਿ ਗਈ॥ (੫੬੩)

(੨੦) ਨਾਮ ਨਾਮੀ ਦਾ ਮਨ ਵਿਖੇ ਵਾਸਾ ਕਰਨਹਾਰਾ

- ਮਨ ਰੇ ਸਤਿਗੁਰੁ ਸੇਵਿ ਨਿਸੰਗੁ॥ ਸਤਿਗੁਰੁ ਸੇਵਿਐ ਹਰਿ ਮਨਿ ਵਸੈ ਲਗੈ ਨ ਮੈਲੁ ਪਤੰਗੁ॥ (੬੯)

- ਸਤਿਗੁਰ ਕੈ ਭਾਣੈ ਜੋ ਚਲੈ ਤਿਸੁ ਵਡਿਆਈ ਵਡੀ ਹੋਇ॥ਹਰਿ ਕਾ ਨਾਮੁ ਉਤਮੁ ਮਨਿ ਵਸੈ ਮੇਟਿ ਨ ਸਕੈ ਕੋਇ॥(੯੦)

- ਸਤਿਗੁਰੁ ਸੇਵਿਐ ਵਡੀ ਵਡਿਆਈ॥ ਹਰਿ ਜੀ ਅਚਿੰਤੁ ਵਸੈ ਮਨਿ ਆਈ॥ (੧੧੪)

- ਸਤਿਗੁਰੁ ਮਿਲੈ ਤਾ ਤਤੁ ਪਾਏ॥ ਹਰਿ ਕਾ ਨਾਮੁ ਮੰਨਿ ਵਸਾਏ॥ (੧੧੬)

- ਸਤਿਗੁਰੁ ਪੂਰਾ ਭਇਆ ਕ੍ਰਿਪਾਲੁ॥ ਹਿਰਦੈ ਵਸਿਆ ਸਦਾ ਗੁਪਾਲੁ॥ (੨੦੦)

- ਬਲਿਹਾਰੀ ਗੁਰ ਆਪਣੇ ਸਦ ਬਲਿਹਾਰੈ ਜਾਉ॥ ਸਤਿਗੁਰ ਮਿਲਿਐ ਹਰਿ ਮਨਿ ਵਸੈ ਸਹਜੇ ਰਹੈ ਸਮਾਇ॥ (੪੯੦)

- ਸਤਿਗੁਰੁ ਦਾਤਾ ਸੇਵੀਐ ਸਬਦੁ ਵਸੈ ਮਨਿ ਆਇ॥ ਮਨੁ ਤਨੁ ਸੀਤਲੁ ਸਾਂਤਿ ਹੋਇ ਤ੍ਰਿਸਨਾ ਅਗਨਿ ਬੁਝਾਇ॥(੫੮੮)

(੨੧) ਚਉਥੇ ਪਦ, ਸਹਜ ਪਦ ਅਥਵਾ ਪਰਮ ਪਦ ਦੀ ਪ੍ਰਾਪਤੀ ਕਰਾਵਣਹਾਰਾ

- ਹਉ ਵਾਰੀ ਜੀਉ ਵਾਰੀ ਹਰਿ ਕੈ ਨਾਇ ਸੋਭਾ ਪਾਵਣਿਆ॥
ਸਤਿਗੁਰੁ ਸੇਵਿ ਸਚਿ ਚਿਤੁ ਲਾਇਆ ਗੁਰਮਤੀ ਸਹਜਿ ਸਮਾਵਣਿਆ॥ (੧੧੧)

- ਜਿਸੁ ਮਿਲਿਐ ਮਨਿ ਹੋਇ ਅਨੰਦੁ ਸੋ ਸਤਿਗੁਰੁ ਕਹੀਐ॥
ਮਨ ਕੀ ਦੁਬਿਧਾ ਬਿਨਸਿ ਜਾਇ ਹਰਿ ਪਰਮ ਪਦੁ ਲਹੀਐ॥ (੧੬੮)

- ਪੂਰੈ ਸਤਿਗੁਰਿ ਸਬਦੁ ਸੁਣਾਇਆ॥ ਤ੍ਰੈ ਗੁਣ ਮੇਟੇ ਚਉਥੈ ਚਿਤੁ ਲਾਇਆ॥ (੨੩੧)

- ਨਾਦ ਬਿੰਦ ਕੀ ਸੁਰਤਿ ਸਮਾਇ॥ ਸਤਿਗੁਰੁ ਸੇਵਿ ਪਰਮ ਪਦੁ ਪਾਇ॥ (੩੫੨)

- ਰੂੜੋ ਠਾਕੁਰ ਮਾਹਰੋ ਰੂੜੀ ਗੁਰਬਾਣੀ॥ ਵਡੈ ਭਾਗਿ ਸਤਿਗੁਰੁ ਮਿਲੈ ਪਾਈਐ ਪਦੁ ਨਿਰਬਾਣੀ॥ (੪੨੧)

- ਝਗੜੁ ਚੁਕਾਵੈ ਹਰਿ ਗੁਣ ਗਾਵੈ॥ ਪੂਰਾ ਸਤਿਗੁਰੁ ਸਹਜਿ ਸਮਾਵੈ॥ (੧੩੪੪)

- ਪੂਰੈ ਭਾਗਿ ਗੁਰੁ ਪਾਈਐ ਉਪਾਇ ਕਿਤੈ ਨ ਪਾਇਆ ਜਾਇ॥
ਸਤਿਗੁਰ ਤੇ ਸਹਜੁ ਊਪਜੈ ਹਉਮੈ ਸਬਦਿ ਜਲਾਇ॥ (੧੩੪੭)

- ਗੁਰ ਗਿਆਨ ਅੰਜਨੁ ਸਤਿਗੁਰੂ ਪਾਇਆ ਅਗਿਆਨ ਅੰਧੇਰ ਬਿਨਾਸੇ॥
ਸਤਿਗੁਰ ਸੇਵਿ ਪਰਮ ਪਦੁ ਪਾਇਆ ਹਰਿ ਜਪਿਆ ਸਾਸ ਗਿਰਾਸੇ॥ (੫੭੩)

- ਅਵਿਗਤੋ ਨਿਰਮਾਇਲੁ ਉਪਜੇ ਨਿਰਗੁਣ ਤੇ ਸਰਗੁਣੁ ਥੀਆ॥
ਸਤਿਗੁਰ ਪਰਚੈ ਪਰਮ ਪਦੁ ਪਾਈਐ ਸਾਚੈ ਸਬਦਿ ਸਮਾਇ ਲੀਆ॥ (੯੪੦)

- ਸਤਿਗੁਰੁ ਸੇਵਿ ਪਰਮ ਪਦੁ ਪਾਯਉ॥ ਅਬਿਨਾਸੀ ਅਬਿਗਤੁ ਧਿਆਯਉ॥ (੧੩੯੬)

- ਅਨਭਉ ਉਨਮਾਨਿ ਅਕਲ ਲਿਵ ਲਾਗੀ ਪਾਰਸੁ ਭੇਟਿਆ ਸਹਜ ਘਰੇ॥
ਸਤਗੁਰ ਪਰਸਾਦਿ ਪਰਮ ਪਦੁ ਪਾਯਾ ਭਗਤਿ ਭਾਇ ਭੰਡਾਰ ਭਰੇ॥ (੧੩੯੭)

(੨੨) ਸਰਬ ਜੰਜਾਲ ਨਾਸ ਕਰਨਹਾਰਾ

- ਸਰਣਿ ਪਏ ਪ੍ਰਭ ਆਪਣੇ ਗੁਰੁ ਹੋਆ ਕਿਰਪਾਲੁ॥ ਸਤਗੁਰ ਕੈ ਉਪਦੇਸਿਐ ਬਿਨਸੇ ਸਰਬ ਜੰਜਾਲ॥ (੪੮)

- ਸਚਾ ਸਾਹਿਬੁ ਮਨਿ ਵੁਠਾ ਹੋਆ ਖਸਮੁ ਦਇਆਲੁ॥ ਪੂਰਾ ਸਤਿਗੁਰੁ ਭੇਟਿਆ ਬਿਨਸਿਆ ਸਭੁ ਜੰਜਾਲੁ॥ (੫੨)

- ਸਤਿਗੁਰੁ ਸੇਵੇ ਚੂਕੈ ਜੰਜਾਲਾ॥ ਅੰਮ੍ਰਿਤ ਨਾਮੁ ਸਦਾ ਸੁਖੁ ਨਾਲਾ॥ (੨੨੨)

- ਮੂਰਖ ਗਣਤ ਗਣਾਇ ਝਗੜਾ ਪਾਇਆ॥ ਸਤਿਗੁਰ ਹਥਿ ਨਿਬੇੜੁ ਝਗੜੁ ਚੁਕਾਇਆ॥ (੧੩੯)

(੨੩) ਸਭਸ ਨੂੰ ਮੇਲਣਹਾਰਾ

- ਜਿਨਾ ਭਾਣੇ ਕਾ ਰਸੁ ਆਇਆ॥ ਤਿਨ ਵਿਚਹੁ ਭਰਮੁ ਚੁਕਾਇਆ॥

ਨਾਨਕ ਸਤਿਗੁਰੁ ਐਸਾ ਜਾਣੀਐ ਜੋ ਸਭਸੈ ਲਏ ਮਿਲਾਇ ਜੀਉ॥ (੭੨)

- ਤੀਰਥੁ ਪੂਰਾ ਸਤਿਗੁਰੂ ਜੋ ਅਨਦਿਨੁ ਹਰਿ ਹਰਿ ਨਾਮੁ ਧਿਆਏ॥
ਓਹੁ ਆਪਿ ਛੁਟਾ ਕੁਟੰਬ ਸਿਉ ਦੇ ਹਰਿ ਹਰਿ ਨਾਮੁ ਸਭ ਸ੍ਰਿਸਟਿ ਛਡਾਏ॥ (੧੪੦)

- ਸਤਿਗੁਰ ਤੇ ਕਵਨੁ ਕਵਨੁ ਨ ਸੀਧੋ ਮੇਰੇ ਭਾਈ॥ ਭਗਤੀ ਸੀਧੇ ਦਰਿ ਸੋਭਾ ਪਾਈ॥ (੨੩੧)

- ਤਿਨ ਕਾ ਕਾੜਾ ਅੰਦੇਸਾ ਸਭੁ ਲਾਹਿਓਨੁ ਜਿਨੀ ਸਤਿਗੁਰੁ ਪੁਰਖੁ ਧਿਆਇਆ॥
ਜਨ ਨਾਨਕ ਨਾਮੁ ਅਰਾਧਿਆ ਆਪਿ ਤਰਿਆ ਸਭੁ ਜਗਤੁ ਤਰਾਇਆ॥ (੩੦੪)

- ਆਪਿ ਤਰੈ ਸੰਗਤਿ ਕੁਲ ਤਾਰੈ॥ ਸਤਿਗੁਰੁ ਸੇਵਿ ਤਤੁ ਵੀਚਾਰੈ॥ (੩੫੩)

- ਤਿਸੁ ਮਿਲੀਐ ਸਤਿਗੁਰ ਪ੍ਰੀਤਮੈ ਜਿਨਿ ਹੰਉਮੈ ਵਿਚਹੁ ਮਾਰੀ॥
ਸੋ ਸਤਿਗੁਰੁ ਪੂਰਾ ਧਨੁ ਧੰਨੁ ਹੈ ਜਿਨਿ ਹਰਿ ਉਪਦੇਸੁ ਦੇ ਸਭ ਸ੍ਰਿਸ੍ਰਿ ਸਵਾਰੀ॥ (੫੮੬)

- ਸਭ ਛੁਟੀ ਸਤਿਗੁਰੂ ਪਿਛੈ ਜਿਨਿ ਹਰਿ ਹਰਿ ਨਾਮੁ ਧਿਆਇਆ॥
ਗੁਰ ਬਚਨਿ ਮਾਰਗਿ ਜੋ ਪੰਥਿ ਚਾਲੇ ਤਿਨ ਜਮੁ ਜਾਗਾਤੀ ਨੇੜਿ ਨ ਆਇਆ॥ (੧੧੧੬)

(੨੪) ਤ੍ਰਿਭਵਣ ਸੋਝੀ ਦੇਣਹਾਰਾ

- ਸਚਾ ਨੇਹੁ ਨ ਤੁਟਈ ਜੇ ਸਤਿਗੁਰੁ ਭੇਟੈ ਸੋਇ॥ ਗਿਆਨ ਪਦਾਰਥੁ ਪਾਈਐ ਤ੍ਰਿਭਵਣ ਸੋਝੀ ਹੋਇ॥ (੬੦)

- ਸਤਿਗੁਰਿ ਮਿਲਿਐ ਆਪੁ ਗਇਆ ਤ੍ਰਿਭਵਣ ਸੋਝੀ ਪਾਈ॥
ਨਿਰਮਲ ਜੋਤਿ ਪਸਰਿ ਰਹੀ ਜੋਤੀ ਜੋਤਿ ਮਿਲਾਈ॥ (੪੨੪)

(੨੫) ਦੁਰਮਤਿ ਨਾਸ ਕਰਨਹਾਰਾ

- ਸਤਿਗੁਰਿ ਮਿਲਿਐ ਫਲੁ ਪਾਇਆ॥ ਜਿਨਿ ਵਿਚਹੁ ਅਹਕਰਣੁ ਚੁਕਾਇਆ॥
ਦੁਰਮਤਿ ਕਾ ਦੁਖੁ ਕਟਿਆ ਭਾਗੁ ਬੈਠਾ ਮਸਤਕਿ ਆਇ ਜੀਉ॥ (੭੨)

- ਸਤਿਗੁਰਿ ਸੇਵਿਐ ਦੂਜੀ ਦੁਰਮਤਿ ਜਾਈ॥ ਅਉਗਣ ਕਾਟਿ ਪਾਪਾ ਮਤਿ ਖਾਈ॥ (੮੩੩)

(੨੬) ਮਨੁੱਖਾ ਜਨਮ ਦੀ ਸਫ਼ਲਤਾ ਕਰਾਵਣਹਾਰਾ

- ਜਿਨ ਸਤਿਗੁਰ ਸਿਉ ਚਿਤੁ ਲਾਇਆ॥ ਤਿਨੀ ਦੂਜਾ ਭਾਉ ਚੁਕਾਇਆ॥
ਨਿਰਮਲ ਜੋਤਿ ਤਿਨ ਪ੍ਰਾਣੀਆ ਓਇ ਚਲੇ ਜਨਮੁ ਸਵਾਰਿ ਜੀਉ॥ (੭੩)

- ਪੂਰਾ ਸਤਿਗੁਰੁ ਭੇਟਿਆ ਸਫਲ ਜਨਮੁ ਹਮਾਰਾ॥ ਨਾਮੁ ਨਵੈ ਨਿਧਿ ਪਾਇਆ ਭਰੇ ਅਖੁਟ ਭੰਡਾਰਾ॥ (੪੨੯)

- ਤੇਰੇ ਗੁਣ ਗਾਵਹਿ ਸਹਜਿ ਸਮਾਵਹਿ ਸਬਦੇ ਮੇਲਿ ਮਿਲਾਏ॥
ਨਾਨਕ ਸਫਲ ਜਨਮੁ ਤਿਨ ਕੇਰਾ ਜਿ ਸਤਿਗੁਰਿ ਹਰਿ ਮਾਰਗਿ ਪਾਏ॥ (੭੭੧)

- ਹਰਿ ਆਪਣੈ ਭਾਣੈ ਮਨੁ ਨਿਰਮਲੁ ਕੀਆ ਹਰਿ ਸਿਉ ਲਾਗਾ ਪਿਆਰੁ॥
ਹਰਿ ਕੈ ਭਾਣੈ ਸਤਿਗੁਰੁ ਭੇਟਿਆ ਸਭੁ ਜਨਮੁ ਸਵਾਰਣਹਾਰੁ॥ (੧੨੭੬)

- ਸਫਲੁ ਜਨਮੁ ਜਿਨਾ ਸਤਿਗੁਰੁ ਪਾਇਆ॥ ਦੂਜਾ ਭਾਉ ਗੁਰ ਸਬਦਿ ਜਲਾਇਆ॥ (੧੨੯)

- ਦੁਲਭ ਦੇਹ ਹੋਈ ਪਰਵਾਨੁ॥ ਸਤਿਗੁਰ ਤੇ ਪਾਇਆ ਨਾਮ ਨੀਸਾਨੁ॥ (੧੯੩)

- ਸਤਿਗੁਰੁ ਸੇਵਿ ਜਿਨਿ ਨਾਮੁ ਪਛਾਤਾ ਸਫਲ ਜਨਮੁ ਜਗਿ ਆਇਆ॥
ਹਰਿ ਰਸੁ ਚਾਖਿ ਸਦਾ ਮਨੁ ਤ੍ਰਿਪਤਿਆ ਗੁਣ ਗਾਵੈ ਗੁਣੀ ਅਘਾਇਆ॥ (੬੦੨)

(੨੭) ਬਜਰ ਕਪਾਟ ਖੋਲਣਹਾਰਾ
- ਸੋਹੰਦੜੋ ਹਭ ਠਾਇ ਕੋਇ ਨ ਦਿਸੈ ਡੂਜੜੋ॥ ਖੁਲ੍ਹੜੇ ਕਪਾਟ ਨਾਨਕ ਸਤਿਗੁਰ ਭੇਟਤੇ॥ (੮੦)

(੨੮) ਸਗਲੇ ਬੰਧਨ ਕਟਣਹਾਰਾ
- ਹਉ ਬਲਿਹਾਰੀ ਸਤਿਗੁਰ ਪੂਰੇ॥ ਜਿਨਿ ਬੰਧਨ ਕਾਟੇ ਸਗਲੇ ਮੇਰੇ॥ (੯੯)

- ਦਾਸ ਰੇਨੁ ਸੋਈ ਹੋਆ ਜਿਸੁ ਮਸਤਕਿ ਕਰਮਾ॥ ਕਹੁ ਨਾਨਕ ਬੰਧਨ ਛੁਟੇ ਸਤਿਗੁਰ ਕੀ ਸਰਨਾ॥ (੮੦੯)

- ਜਾਲੁ ਪਸਾਰਿ ਚੋਗ ਬਿਸਥਾਰੀ ਪੰਖੀ ਜਿਉ ਫਾਹਾਵਤ ਹੇ॥
ਕਹੁ ਨਾਨਕ ਬੰਧਨ ਕਾਟਨ ਕਉ ਮੈ ਸਤਿਗੁਰੁ ਪੁਰਖੁ ਧਿਆਵਤ ਹੇ॥ (੮੨੨)

(੨੯) ਸਦਾ ਦਾ ਸੁਹਾਗ ਭਾਗ ਦੇਣਹਾਰਾ
- ਸਬਦਿ ਰਤੀ ਸੋਹਾਗਣੀ ਸਤਿਗੁਰ ਕੈ ਭਾਇ ਪਿਆਰਿ॥ ਸਦਾ ਰਾਵੇ ਪਿਰੁ ਆਪਣਾ ਸਚੈ ਪ੍ਰੇਮਿ ਪਿਆਰਿ॥ (੯੦)

- ਕਾਮਣਿ ਗੁਣਵੰਤੀ ਹਰਿ ਪਾਏ॥ ਭੈ ਭਾਇ ਸੀਗਾਰੁ ਬਣਾਏ॥
ਸਤਿਗੁਰੁ ਸੇਵਿ ਸਦਾ ਸੋਹਾਗਣਿ ਸਚ ਉਪਦੇਸਿ ਸਮਾਵਣਿਆ॥ (੧੨੩)

- ਸਤਿਗੁਰੁ ਸੇਵਿ ਧਨ ਬਾਲੜੀਏ ਹਰਿ ਵਰੁ ਪਾਵਹਿ ਸੋਈ ਰਾਮ॥
ਸਦਾ ਹੋਵਹਿ ਸੋਹਾਗਣੀ ਫਿਰਿ ਮੈਲਾ ਵੇਸੁ ਨ ਹੋਈ ਰਾਮ॥ (੭੭੦)

- ਸਦਾ ਸੁਹਾਗੁ ਸੁਹਾਗਣੀ ਜੇ ਚਲਹਿ ਸਤਿਗੁਰ ਭਾਇ॥ ਸਦਾ ਪਿਰੁ ਨਿਹਚਲੁ ਪਾਈਐ ਨਾ ਓਹੁ ਮਰੈ ਨ ਜਾਇ॥ (੬੬)

- ਸਦਾ ਸੁਹਾਗਣਿ ਜਿ ਹੁਕਮੈ ਬੁਝੈ ਸਤਿਗੁਰੁ ਸੇਵੈ ਲਿਵ ਲਾਏ॥
ਨਾਨਕ ਕ੍ਰਿਪਾ ਕਰੇ ਜਿਨ ਊਪਰਿ ਤਿਨਾ ਹੁਕਮੇ ਲਏ ਮਿਲਾਏ॥ (੧੪੨੩)

(੩੦) ਹਿਰਦੇ ਕੰਵਲ ਦਾ ਪ੍ਰਗਾਸ ਕਰਨਹਾਰਾ

- ਅੰਤਰਿ ਕਮਲੁ ਪ੍ਰਗਾਸਿਆ ਅੰਮ੍ਰਿਤੁ ਭਰਿਆ ਅਘਾਇ॥ ਨਾਨਕ ਸਤਗੁਰੁ ਮੀਤੁ ਕਰਿ ਸਚੁ ਪਾਵਹਿ ਦਰਗਹ ਜਾਇ॥ (੨੨)

- ਸਤਿਗੁਰੁ ਮਿਲੈ ਤ ਦੁਬਿਧਾ ਭਾਗੈ॥ ਕਮਲੁ ਬਿਗਾਸਿ ਮਨੁ ਹਰਿ ਪ੍ਰਭ ਲਾਗੈ॥ (੧੫੩)

- ਸਤਿਗੁਰੁ ਸੇਵਹਿ ਸਦਾ ਮਨਿ ਦਾਸਾ॥ ਹਉਮੈ ਮਾਰਿ ਕਮਲੁ ਪਰਗਾਸਾ॥ (੧੬੧)

- ਸਤਿਗੁਰੁ ਸੇਵਿ ਜਿਨਿ ਨਾਮੁ ਪਛਾਤਾ ਸਫਲ ਜਨਮੁ ਜਗਿ ਆਇਆ॥
ਕਮਲੁ ਪ੍ਰਗਾਸਿ ਸਦਾ ਰੰਗਿ ਰਾਤਾ ਅਨਹਦ ਸਬਦੁ ਵਜਾਇਆ॥ (੬੦੨)

- ਸਤਗੁਰ ਮਤਿ ਗੂੜ੍ ਬਿਮਲ ਸਤਸੰਗਤਿ ਆਤਮੁ ਰੰਗਿ ਚਲੂਲੁ ਭਯਾ॥
ਜਾਗ੍ਰਾ ਮਨ ਕਵਲੁ ਸਹਜਿ ਪਰਕਾਸ੍ਰਾ ਅਭੈ ਨਿਰੰਜਨੁ ਘਰਹਿ ਲਹਾ॥ (੧੩੯੬)

- ਨੈਨੀ ਹਰਿ ਹਰਿ ਲਾਗੀ ਤਾਰੀ॥ ਸਤਿਗੁਰੁ ਦੇਖਿ ਮੇਰਾ ਮਨੁ ਬਿਗਸਿਓ ਜਨੁ ਹਰਿ ਭੇਟਿਓ ਬਨਵਾਰੀ॥ (੧੨੬੨)

(੩੧) ਮਨ ਨਿਹਚਲ ਕਰਾਵਣਹਾਰਾ

- ਮਨਸਾ ਮਾਰਿ ਸਚਿ ਸਮਾਣੀ॥ ਇਨਿ ਮਨਿ ਡੀਠੀ ਸਭ ਆਵਣ ਜਾਣੀ॥
ਸਤਿਗੁਰੁ ਸੇਵੇ ਸਦਾ ਮਨੁ ਨਿਹਚਲੁ ਨਿਜ ਘਰਿ ਵਾਸਾ ਪਾਵਣਿਆ॥ (੧੨੦)

- ਸਤਿਗੁਰੁ ਦਾਤਾ ਸਬਦੁ ਸੁਣਾਏ॥ ਧਾਵਤੁ ਰਾਖੈ ਠਾਕਿ ਰਹਾਏ॥ (੨੩੨)

- ਸਤਿਗੁਰ ਮਿਲਿਐ ਧਾਵਤੁ ਥੰਮ੍ਿਆ ਨਿਜ ਘਰਿ ਵਸਿਆ ਆਏ॥
ਨਾਮੁ ਵਿਹਾਝੇ ਨਾਮੁ ਲਏ ਨਾਮਿ ਰਹੇ ਸਮਾਏ॥ (੪੪੦)

- ਅਨੇਕ ਜਤਨ ਕਰੇ ਇੰਦ੍ਰੀ ਵਸਿ ਨ ਹੋਈ॥ ਕਾਮਿ ਕਰੋਧਿ ਜਲੈ ਸਭੁ ਕੋਈ॥
ਸਤਿਗੁਰ ਸੇਵੇ ਮਨੁ ਵਸਿ ਆਵੈ ਮਨ ਮਾਰੇ ਮਨਹਿ ਸਮਾਇਦਾ॥ (੧੦੬੨)

- ਏਹੁ ਮਨੁ ਮਾਰਿਆ ਨਾ ਮਰੈ ਜੇ ਲੋਚੈ ਸਭੁ ਕੋਇ॥
ਨਾਨਕ ਮਨ ਹੀ ਕਉ ਮਨੁ ਮਾਰਸੀ ਜੇ ਸਤਿਗੁਰੁ ਭੇਟੈ ਸੋਇ॥ (੧੦੮੯)

- ਚਲਤੌ ਚਲੈ ਚਲੈ ਦਹ ਦਹ ਦਿਸਿ ਗੁਰੁ ਰਾਖੈ ਹਰਿ ਲਿਵ ਲਾਵੈਗੋ॥
ਸਤਿਗੁਰੁ ਸਬਦੁ ਦੇਇ ਰਿਦ ਅੰਤਰਿ ਮੁਖਿ ਅੰਮ੍ਰਿਤੁ ਨਾਮੁ ਚੁਆਵੈਗੋ॥ (੧੩੧੦)

(੩੨) ਅਸਲ ਨੌ ਨਿਧੀਆਂ ਅਠਾਰਾਂ ਸਿਧੀਆਂ ਦੇਣਹਾਰਾ

- ਸਤਿਗੁਰ ਮਿਲਿਐ ਉਲਟੀ ਭਈ ਨਵ ਨਿਧਿ ਖਰਚਿਉ ਖਾਉ॥
  ਅਠਾਰਹ ਸਿਧੀ ਪਿਛੈ ਲਗੀਆ ਫਿਰਨਿ ਨਿਜ ਘਰਿ ਵਸੈ ਨਿਜ ਥਾਇ॥ (੯੧)

- ਸਤਿਗੁਰੁ ਹੋਇ ਦਇਆਲੁ ਤਾ ਨਵ ਨਿਧਿ ਪਾਇਐ॥ ਸਤਿਗੁਰੁ ਹੋਇ ਦਇਆਲੁ ਤ ਸਚਿ ਸਮਾਈਐ॥ (੧੪੯)

- ਪਰਪੰਚੁ ਛੋਡਿ ਸਹਜ ਘਰਿ ਬੈਸਹੁ ਝੂਠਾ ਕਹਹੁ ਨ ਕੋਈ॥
  ਸਤਿਗੁਰ ਮਿਲਹੁ ਨਵੈ ਨਿਧਿ ਪਾਵਹੁ ਇਨ ਬਿਧਿ ਤਤੁ ਬਿਲੋਈ॥ (੯੯੩)

- ਜਿਹ ਸਤਿਗੁਰ ਸਿਮਰੰਥਿ ਜੀਅ ਕੀ ਤਪਤਿ ਮਿਟਾਵੈ॥
  ਜਿਹ ਸਤਿਗੁਰ ਸਿਮਰੰਥਿ ਰਿਧਿ ਸਿਧਿ ਨਵ ਨਿਧਿ ਪਾਵੈ॥ (੧੪੦੫)

(੩੩) ਸੱਚੀ ਸਿੱਖਿਆ ਦੇਣਹਾਰਾ

- ਸਤਿਗੁਰ ਸਾਚੀ ਸਿਖ ਸੁਣਾਈ॥ ਹਰਿ ਚੇਤਹੁ ਅੰਤਿ ਹੋਇ ਸਖਾਈ॥ (੧੧੭)

- ਮੇਰੇ ਰਾਮ ਹਮ ਬਾਰਿਕ ਹਰਿ ਪ੍ਰਭ ਕੇ ਹੈ ਇਆਣੇ॥
  ਧੰਨੁ ਧੰਨੁ ਗੁਰੂ ਗੁਰੁ ਸਤਿਗੁਰੁ ਪਾਧਾ ਜਿਨਿ ਹਰਿ ਉਪਦੇਸੁ ਦੇ ਕੀਏ ਸਿਆਣੇ॥ (੧੬੮)

(੩੪) ਸੱਚੀ ਸੂਝ ਬੂਝ ਦੇਣਹਾਰਾ

- ਹਰਿ ਕੈ ਭਾਣੈ ਸਤਿਗੁਰੁ ਮਿਲੈ ਸਚੁ ਸੋਝੀ ਹੋਈ॥ ਗੁਰ ਪਰਸਾਦੀ ਮਨਿ ਵਸੈ ਹਰਿ ਬੂਝੈ ਸੋਈ॥ (੩੬੫)

- ਅਨ ਰਸ ਮਹਿ ਭੋਲਾਇਆ ਬਿਨੁ ਨਾਮੈ ਦੁਖ ਪਾਇ॥ ਸਤਿਗੁਰੁ ਪੁਰਖੁ ਨ ਭੇਟਿਓ ਜਿ ਸਚੀ ਬੂਝ ਬੁਝਾਇ॥ (੪੩੦)

- ਰਤਨ ਪਦਾਰਥ ਵਣਜੀਅਹਿ ਸਤਿਗੁਰਿ ਦੀਆ ਬੁਝਾਈ ਰਾਮ॥
  ਲਾਹਾ ਲਾਭੁ ਹਰਿ ਭਗਤਿ ਹੈ ਗੁਣ ਮਹਿ ਗੁਣੀ ਸਮਾਈ ਰਾਮ॥ (੫੬੯)

- ਤਿਨ ਮਿਲਿਆ ਮਲੁ ਸਭ ਜਾਏ ਸਚੈ ਸਰਿ ਨਾਏ ਸਚੈ ਸਹਜਿ ਸੁਭਾਏ॥
  ਨਾਮੁ ਨਿਰੰਜਨੁ ਅਗਮੁ ਅਗੋਚਰੁ ਸਤਿਗੁਰਿ ਦੀਆ ਬੁਝਾਏ॥ (੫੮੫)

- ਸੋ ਸਤਿਗੁਰੁ ਪਿਆਰਾ ਮੇਰੈ ਨਾਲਿ ਹੈ ਜਿਥੈ ਕਿਥੈ ਮੈਨੋ ਲਏ ਛਡਾਈ॥
  ਤਿਸੁ ਗੁਰ ਕਉ ਸਾਬਾਸਿ ਹੈ ਜਿਨਿ ਹਰਿ ਸੋਝੀ ਪਾਈ॥ (੫੮੮)

- ਜਪੁ ਤਪੁ ਕਰਿ ਕਰਿ ਸੰਜਮ ਥਾਕੀ ਹਠਿ ਨਿਗ੍ਰਹਿ ਨਹੀ ਪਾਈਐ॥
  ਨਾਨਕ ਸਹਜਿ ਮਿਲੇ ਜਗਜੀਵਨ ਸਤਿਗੁਰ ਬੂਝ ਬੁਝਾਈਐ॥ (੪੩੬)

- ਹਰਿ ਸੇਵੀ ਪਿਆਰਾ ਨਿਤ ਸੇਵਿ ਹਰਿ ਸੁਖੁ ਪਾਈ॥ ਬਲਿਹਾਰੀ ਸਤਿਗੁਰ ਤਿਸੁ ਜਿਨਿ ਸੋਝੀ ਪਾਈ॥ (੬੪੭)

- ਨਾ ਕੋ ਮੇਰਾ ਦੁਸਮਨੁ ਰਹਿਆ ਨ ਹਮ ਕਿਸ ਕੇ ਬੈਰਾਈ॥
ਬ੍ਰਹਮੁ ਪਸਾਰੁ ਪਸਾਰਿਓ ਭੀਤਰਿ ਸਤਿਗੁਰ ਤੇ ਸੋਝੀ ਪਾਈ॥ (੬੭੧)

- ਘਟਿ ਘਟਿ ਬ੍ਰਹਮੁ ਚੀਨੈ ਜਨੁ ਕੋਇ॥ ਸਤਿਗੁਰੁ ਮਿਲੈ ਤ ਸੋਝੀ ਹੋਇ॥ (੯੦੪)

- ਨਦਰੀ ਆਵਦਾ ਸਭੁ ਕਿਛੁ ਬਿਨਸੈ ਹਰਿ ਸੇਤੀ ਚਿਤੁ ਲਾਇ॥
ਸਤਿਗੁਰ ਨਾਲਿ ਤੇਰੀ ਭਾਵਨੀ ਲਾਗੈ ਤਾ ਇਹ ਸੋਝੀ ਪਾਇ॥ (੯੦੮)

- ਸਾਕਤ ਦੁਰਜਨ ਭਰਮਿਆ ਜੋ ਲਗੇ ਦੂਜੈ ਸਾਦਿ॥
ਜਨ ਨਾਨਕਿ ਹਰਿ ਪ੍ਰਭੁ ਬੁਝਿਆ ਗੁਰ ਸਤਿਗੁਰ ਕੈ ਪਰਸਾਦਿ॥ (੯੫੭)

- ਸੁਇਨਾ ਰੁਪਾ ਸਭ ਧਾਤੁ ਹੈ ਮਾਟੀ ਰਲਿ ਜਾਈ॥ ਬਿਨੁ ਨਾਵੈ ਨਾਲਿ ਨ ਚਲਈ ਸਤਿਗੁਰਿ ਬੂਝ ਬੁਝਾਈ॥ (੧੦੧੨)

- ਗੁਰਮੁਖਿ ਏਕੋ ਜਾਣੀਐ ਜਾ ਸਤਿਗੁਰੁ ਦੇਇ ਬੁਝਾਇ॥ ਸੋ ਸਤਿਗੁਰੁ ਸਾਲਾਹੀਐ ਜਿਦੂ ਏਹ ਸੋਝੀ ਪਾਇ॥ (੯੯੪)

- ਹਿਰਦੈ ਨਾਮੁ ਸਦਾ ਧੁਨਿ ਨਿਹਚਲ ਘਟੈ ਨ ਕੀਮਤਿ ਪਾਈ॥
ਬਿਨੁ ਨਾਵੈ ਸਭੁ ਕੋਈ ਨਿਰਧਨੁ ਸਤਿਗੁਰਿ ਬੂਝ ਬੁਝਾਈ॥ (੧੨੩੨)

- ਮਨੂਆ ਮਾਰਿ ਨਿਰਮਲ ਪਦੁ ਚੀਨਿਆ ਹਰਿ ਰਸ ਰਤੇ ਅਧਿਕਾਈ॥
ਏਕਸ ਬਿਨੁ ਮੈ ਅਵਰੁ ਨ ਜਾਨਾਂ ਸਤਿਗੁਰਿ ਬੂਝ ਬੁਝਾਈ॥ (੧੨੩੩)

- ਜਿਨ੍ ਦਰੁ ਸੂਝੈ ਸੇ ਕਦੇ ਨ ਵਿਗਾੜਹਿ ਸਤਿਗੁਰਿ ਬੂਝ ਬੁਝਾਈ॥
ਸਚੁ ਸੰਜਮੁ ਕਰਣੀ ਕਿਰਤਿ ਕਮਾਵਹਿ ਆਵਣ ਜਾਣੁ ਰਹਾਈ॥ (੧੨੩੪)

- ਅੰਤਰਿ ਕਪਟੁ ਮਹਾ ਦੁਖੁ ਪਾਇ॥ ਸਤਿਗੁਰੁ ਭੇਟੈ ਸੋਝੀ ਪਾਇ॥ (੧੩੪੨)

- ਸਤਿਗੁਰਿ ਮਿਲਿਐ ਆਪੁ ਗਇਆ ਤ੍ਰਿਭਵਣ ਸੋਝੀ ਪਾਈ॥
ਨਿਰਮਲ ਜੋਤਿ ਪਸਰਿ ਰਹੀ ਜੋਤੀ ਜੋਤਿ ਮਿਲਾਈ॥ (੪੨੪)

(੩੫) ਭ੍ਰਮ ਭੈ ਕਾੜੇ ਅੰਦੇਸੇ ਸਹਸੇ ਦੂਰ ਕਰਨਹਾਰਾ

- ਸਤਿਗੁਰ ਕੈ ਭਇ ਭ੍ਰਮੁ ਭਉ ਜਾਇ॥ ਭੈ ਰਾਚੈ ਸਚ ਰੰਗਿ ਸਮਾਇ॥ (੧੫੭)

- ਕਿਰਪਾ ਕਰਿ ਸਤਿਗੁਰੂ ਮਿਲਾਏ॥ ਏਕੋ ਨਾਮੁ ਚੇਤੇ ਵਿਚਹੁ ਭਰਮੁ ਚੁਕਾਏ॥ (੧੬੧)

- ਸਤਿਗੁਰੁ ਭੇਟਿਓ ਸਦਾ ਕ੍ਰਿਪਾਲ॥ ਹਰਿ ਸਿਮਰਿ ਸਿਮਰਿ ਕਾਟਿਆ ਭਉ ਕਾਲ॥ (੨੦੦)

- ਅਪਨੇ ਕਰਤਬ ਆਪੇ ਜਾਨੈ ਜਿਨਿ ਇਹੁ ਰਚਨੁ ਰਚਾਇਆ॥
ਕਹੁ ਨਾਨਕ ਕਰਣਹਾਰੁ ਹੈ ਆਪੇ ਸਤਿਗੁਰਿ ਭਰਮੁ ਚੁਕਾਇਆ॥ (੨੧੬)

- ਤਿਨ ਕਾ ਕਾੜਾ ਅੰਦੇਸਾ ਸਭੁ ਲਾਹਿਓਨੁ ਜਿਨੀ ਸਤਿਗੁਰੁ ਪੁਰਖੁ ਧਿਆਇਆ॥
ਜਨ ਨਾਨਕ ਨਾਮੁ ਅਰਾਧਿਆ ਆਪਿ ਤਰਿਆ ਸਭੁ ਜਗਤੁ ਤਰਾਇਆ॥ (੩੦੪)

- ਸੋ ਸਤਿਗੁਰੁ ਧਨੁ ਧੰਨੁ ਜਿਨਿ ਭਰਮ ਗੜੁ ਤੋੜਿਆ॥ ਸੋ ਸਤਿਗੁਰੁ ਵਾਹੁ ਵਾਹੁ ਜਿਨਿ ਹਰਿ ਸਿਉ ਜੋੜਿਆ॥ (੫੨੨)

- ਸਤਿਗੁਰੁ ਮਿਲੈ ਤ ਸਹਸਾ ਜਾਈ॥ ਕਿਸੁ ਹਉ ਪੂਜਉ ਦੂਜਾ ਨਦਰਿ ਨ ਆਈ॥ (੫੨੫)

- ਅਪੁਨੇ ਸਤਿਗੁਰ ਪਹਿ ਬਿਨਉ ਕਹਿਆ॥
ਭਏ ਕ੍ਰਿਪਾਲ ਦਇਆਲ ਦੁਖ ਭੰਜਨ ਮੇਰਾ ਸਗਲ ਅੰਦੇਸਰਾ ਗਇਆ॥ (੫੩੩)

- ਤਿਨ੍ ਭਉ ਸੰਸਾ ਕਿਆ ਕਰੇ ਜਿਨ ਸਤਿਗੁਰੁ ਸਿਰਿ ਕਰਤਾਰੁ॥
ਧੁਰਿ ਤਿਨ ਕੀ ਪੈਜ ਰਖਦਾ ਆਪੇ ਰਖਣਹਾਰੁ॥ (੫੪੯)

- ਸਤਿਗੁਰਿ ਸੇਵਿਐ ਨਾਮੁ ਮਨਿ ਵਸੈ ਵਿਚਹੁ ਭ੍ਰਮੁ ਭਉ ਭਾਗੈ॥
ਜੇਹਾ ਸਤਿਗੁਰ ਨੋ ਜਾਣੈ ਤੇਹੋ ਹੋਵੈ ਤਾ ਸਚਿ ਨਾਮਿ ਲਿਵ ਲਾਗੈ॥ (੫੯੦)

- ਭਰਮੁ ਗਇਆ ਭੈ ਮੋਹ ਬਿਨਾਸੇ ਮਿਟਿਆ ਸਗਲ ਵਿਸੂਰਾ॥
ਨਾਨਕ ਦਇਆ ਕਰੀ ਸੁਖਦਾਤੈ ਭੇਟਿਆ ਸਤਿਗੁਰੁ ਪੂਰਾ॥ (੭੪੮)

(੩੬) ਮਤਿ ਬੁਧਿ ਅਥਵਾ ਗੁਰਮਤਿ ਦਾਤਾ

- ਸਤਿਗੁਰ ਮਿਲਿਐ ਮਤਿ ਊਪਜੈ ਤਾ ਇਹ ਸੋਝੀ ਪਾਇ॥
ਇਹੁ ਮਨੁ ਕਾਸੀ ਸਭਿ ਤੀਰਥ ਸਿਮ੍ਰਿਤਿ ਸਤਿਗੁਰ ਦੀਆ ਬੁਝਾਇ॥ (੪੯੧)

- ਗੁਰ ਕਾ ਸਬਦੁ ਸਮਾਲਿ ਤੂ ਮੂੜੇ ਗਤਿ ਮਤਿ ਸਬਦੇ ਪਾਏ॥
ਨਾਨਕ ਸਤਿਗੁਰੁ ਤਦ ਹੀ ਪਾਏ ਜਾਂ ਵਿਚਹੁ ਆਪੁ ਗਵਾਏ॥ (੫੫੦)

- ਸਤਿਗੁਰੁ ਮਿਲੈ ਤ ਗੁਰਮਤਿ ਪਾਈਐ ਸਾਕਤ ਬਾਜੀ ਹਾਰੀ ਜੀਉ॥
ਸਤਿਗੁਰ ਬੰਧਨ ਤੋੜਿ ਨਿਰਾਰੇ ਬਹੁੜਿ ਨ ਗਰਭ ਮਝਾਰੀ ਜੀਉ॥ (੫੯੮)

- ਸਤਿਗੁਰ ਸੇਵੇ ਤਾ ਸਹਜ ਧੁਨਿ ਉਪਜੈ ਗਤਿ ਮਤਿ ਤਦ ਹੀ ਪਾਏ॥
ਹਰਿ ਕਾ ਨਾਮੁ ਸਚਾ ਮਨਿ ਵਸਿਆ ਨਾਮੇ ਨਾਮਿ ਸਮਾਏ॥ (੬੦੪)

- ਸਭਿ ਜੁਗ ਤੇਰੇ ਕੀਤੇ ਹੋਏ॥ ਸਤਿਗੁਰੁ ਭੇਟੈ ਮਤਿ ਬੁਧਿ ਹੋਏ॥ (੧੧੭੬)

- ਸਤਿਗੁਰ ਮਿਲਿਐ ਮਤਿ ਊਤਮ ਹੋਇ॥ ਮਨੁ ਨਿਰਮਲੁ ਹਉਮੈ ਕਢੈ ਧੋਇ॥ (੧੧੮੮)

- ਸੇਵਕ ਕੀ ਮਨਸਾ ਪੂਰੀ ਭਈ॥ ਸਤਿਗੁਰ ਤੇ ਨਿਰਮਲ ਮਤਿ ਲਈ॥ (੨੮੯)

(੩੭) ਸੱਚਾ ਗਿਆਨ ਪ੍ਰਦਾਤਾ

- ਸਤਿਗੁਰ ਤੇ ਗਿਆਨੁ ਪਾਇਆ ਹਰਿ ਤਤੁ ਬੀਚਾਰਾ॥ ਮਤਿ ਮਲੀਣ ਪਰਗਟੁ ਭਈ ਜਪਿ ਨਾਮੁ ਮੁਰਾਰਾ॥ (੧੬੩)

- ਜਿਸਹਿ ਬੁਝਾਏ ਸੋਈ ਬੂਝੈ ਬਿਨੁ ਬੂਝੇ ਕਿਉ ਰਹੀਐ॥
  ਸਤਿਗੁਰੁ ਮਿਲੈ ਅੰਧੇਰਾ ਚੂਕੈ ਇਨ ਬਿਧਿ ਮਾਣਕੁ ਲਹੀਐ॥ (੩੩੪)

- ਸਤਿਗੁਰ ਤੇ ਗੁਣ ਊਪਜੈ ਜਾ ਪ੍ਰਭੁ ਮੇਲੈ ਸੋਇ॥ ਸਹਜੇ ਨਾਮੁ ਧਿਆਈਐ ਗਿਆਨੁ ਪਰਗਟੁ ਹੋਇ॥ (੪੨੮)

- ਹਰਿ ਹਰਿ ਨਾਮੁ ਜਪਿਆ ਦੁਖੁ ਬਿਨਸਿਆ ਹਰਿ ਨਾਮੁ ਪਰਮ ਸੁਖੁ ਪਾਇਆ॥
  ਸਤਿਗੁਰ ਗਿਆਨੁ ਬਲਿਆ ਘਟਿ ਚਾਨਣੁ ਅਗਿਆਨੁ ਅੰਧੇਰੁ ਗਵਾਇਆ॥ (੪੪੪)

- ਹਰਿ ਸਤਿਗੁਰ ਹਰਿ ਸਤਿਗੁਰ ਮੇਲਿ ਹਰਿ ਸਤਿਗੁਰ ਚਰਣ ਹਮ ਭਾਇਆ ਰਾਮ॥
  ਤਿਮਰ ਅਗਿਆਨੁ ਗਵਾਇਆ ਗੁਰ ਗਿਆਨੁ ਅੰਜਨੁ ਗੁਰਿ ਪਾਇਆ ਰਾਮ॥ (੫੭੩)

- ਸਤਿਗੁਰ ਤੇ ਹਰਿ ਪਾਈਐ ਸਾਚਾ ਹਰਿ ਸਿਉ ਰਹੈ ਸਮਾਇ॥
  ਸਤਿਗੁਰ ਤੇ ਗਿਆਨੁ ਊਪਜੈ ਤਾਂ ਇਹ ਸੰਸਾ ਜਾਇ॥ (੧੨੭੬)

(੩੮) ਖੋਟਿਅਹੁ ਖਰੇ ਕਰਨਹਾਰਾ

- ਸਤਿਗੁਰ ਪਿਛੈ ਭਜਿ ਪਵਹਿ ਏਹਾ ਕਰਣੀ ਸਾਰੁ॥ ਸਤਿਗੁਰੁ ਖੋਟਿਅਹੁ ਖਰੇ ਕਰੇ ਸਬਦਿ ਸਵਾਰਣਹਾਰੁ॥ (੧੪੩)

(੩੯) ਸਦਾ ਦਿਆਲੁ

- ਜਿਸੁ ਜਨ ਹੋਏ ਆਪਿ ਕ੍ਰਿਪਾਲ॥ ਨਾਨਕ ਸਤਿਗੁਰ ਸਦਾ ਦਇਆਲ॥ (੧੭੭)

- ਸਤਿਗੁਰੁ ਦਾਤਾ ਦਇਆਲੁ ਹੈ ਜਿਸ ਨੋ ਦਇਆ ਸਦਾ ਹੋਇ॥
  ਸਤਿਗੁਰੁ ਅੰਦਰਹੁ ਨਿਰਵੈਰੁ ਹੈ ਸਭੁ ਦੇਖੈ ਬ੍ਰਹਮੁ ਇਕੁ ਸੋਇ॥ (੩੦੨)

- ਸਤਿਗੁਰੂ ਸਦਾ ਦਇਆਲੁ ਹੈ ਭਾਈ ਵਿਣੁ ਭਾਗਾ ਕਿਆ ਪਾਈਐ॥
  ਏਕ ਨਦਰਿ ਕਰਿ ਵੇਖੈ ਸਭ ਊਪਰਿ ਜੇਹਾ ਭਾਉ ਤੇਹਾ ਫਲੁ ਪਾਈਐ॥ (੬੦੨)

- ਕੋਈ ਨਿੰਦਕੁ ਹੋਵੈ ਸਤਿਗੁਰੂ ਕਾ ਫਿਰਿ ਸਰਣਿ ਗੁਰ ਆਵੈ॥

ਪਿਛਲੇ ਗੁਨਹ ਸਤਿਗੁਰੁ ਬਖਸਿ ਲਏ ਸਤਸੰਗਤਿ ਨਾਲਿ ਰਲਾਵੈ॥ (੮੫੫)

- ਐਥੈ ਓਥੈ ਰਖਵਾਲਾ॥ ਪ੍ਰਭ ਸਤਿਗੁਰ ਦੀਨ ਦਇਆਲਾ॥ (੬੨੮)

(੪੦) ਸਮਦ੍ਰਿਸਟੀ ਵਾਲਾ

- ਸਤਿਗੁਰੁ ਪੁਰਖੁ ਦਇਆਲੁ ਹੈ ਜਿਸ ਨੋ ਸਮਤੁ ਸਭੁ ਕੋਇ॥
ਏਕ ਦ੍ਰਿਸਟਿ ਕਰਿ ਦੇਖਦਾ ਮਨ ਭਾਵਨੀ ਤੇ ਸਿਧਿ ਹੋਇ॥ (੩੦੦)

- ਸਤਿਗੁਰੁ ਅੰਦਰਹੁ ਨਿਰਵੈਰੁ ਹੈ ਸਭੁ ਦੇਖੈ ਬ੍ਰਹਮੁ ਇਕੁ ਸੋਇ॥
ਨਿਰਵੈਰਾ ਨਾਲਿ ਜਿ ਵੈਰੁ ਚਲਾਇਦੇ ਤਿਨ ਵਿਚਹੁ ਤਿਸਟਿਆ ਨ ਕੋਇ॥
ਸਤਿਗੁਰੁ ਸਭਨਾ ਦਾ ਭਲਾ ਮਨਾਇਦਾ ਤਿਸ ਦਾ ਬੁਰਾ ਕਿਉ ਹੋਇ॥ (੩੦੨)

(੪੧) ਸਚਖੰਡ ਵਿਖੇ ਵਾਸਾ ਕਰਾਵਣਹਾਰਾ

- ਧੰਧਾ ਸਭੁ ਜਲਾਇ ਕੈ ਗੁਰਿ ਨਾਮੁ ਦੀਆ ਸਚੁ ਸੁਆਉ॥ ਆਸਾ ਸਭੇ ਲਾਹਿ ਕੈ ਇਕਾ ਆਸ ਕਮਾਉ॥
ਜਿਨੀ ਸਤਿਗੁਰੁ ਸੇਵਿਆ ਤਿਨ ਅਗੈ ਮਿਲਿਆ ਥਾਉ॥ (੪੩)

- ਅਕਥ ਕਥਾ ਵੀਚਾਰੀਐ ਜੇ ਸਤਿਗੁਰ ਮਾਹਿ ਸਮਾਇ॥ ਪੀ ਅੰਮ੍ਰਿਤੁ ਸੰਤੋਖਿਆ ਦਰਗਹਿ ਪੈਧਾ ਜਾਇ॥ (੬੨)

- ਲਿਖਿਆ ਆਇਆ ਪਕੜਿ ਚਲਾਇਆ ਮਨਮੁਖ ਸਦਾ ਦੁਹੇਲੇ॥
ਜਿਨੀ ਪੂਰਾ ਸਤਿਗੁਰੁ ਸੇਵਿਆ ਸੇ ਦਰਗਹ ਸਦਾ ਸੁਹੇਲੇ॥ (੭੮)

- ਜਿਨ ਕਉ ਹੋਆ ਕ੍ਰਿਪਾਲੁ ਹਰਿ ਸੇ ਸਤਿਗੁਰ ਪੈਰੀ ਪਾਹੀ॥
ਤਿਨ ਐਥੈ ਓਥੈ ਮੁਖ ਉਜਲੇ ਹਰਿ ਦਰਗਹ ਪੈਧੇ ਜਾਹੀ॥ (੮੯)

- ਸਤਿਗੁਰ ਪਗ ਧੂਰਿ ਜਿਨਾ ਮੁਖਿ ਲਾਈ॥ ਤਿਨ ਕੂੜ ਤਿਆਗੇ ਹਰਿ ਲਿਵ ਲਾਈ॥
ਤੇ ਹਰਿ ਦਰਗਹ ਮੁਖ ਊਜਲ ਭਾਈ॥ (੧੬੫)

- ਚਲੈ ਜਨਮੁ ਸਵਾਰਿ ਵਖਰੁ ਸਚੁ ਲੈ॥ ਪਤਿ ਪਾਏ ਦਰਬਾਰਿ ਸਤਿਗੁਰ ਸਬਦਿ ਭੈ॥ (੭੫੧)

(੪੨) ਪੂਰੀ ਪ੍ਰਧਾਨਤਾ ਬਖਸ਼ਣਹਾਰਾ

- ਜਿਨਾ ਸਤਿਗੁਰ ਸਿਉ ਚਿਤੁ ਲਾਇਆ ਸੇ ਪੂਰੇ ਪਰਧਾਨ॥
ਜਿਨ ਕਉ ਆਪਿ ਦਇਆਲੁ ਹੋਇ ਤਿਨ ਉਪਜੈ ਮਨਿ ਗਿਆਨੁ (੪੫)

- ਸਤਿਗੁਰੁ ਸੇਵਹਿ ਸੇ ਪਰਧਾਨਾ॥ ਤਿਨ ਘਟ ਘਟ ਅੰਤਰਿ ਬ੍ਰਹਮੁ ਪਛਾਨਾ॥
ਨਾਨਕ ਹਰਿ ਜਸੁ ਹਰਿ ਜਨ ਕੀ ਸੰਗਤਿ ਦੀਜੈ ਜਿਨ ਸਤਿਗੁਰੁ ਹਰਿ ਪ੍ਰਭੁ ਜਾਤਾ ਹੇ॥ (੧੦੩੨)

(੪੩) ਮਾਇਆ ਤੋਂ ਛੁਟਕਾਰਾ ਕਰਵਾਉਣਹਾਰਾ

- ਇਹੁ ਜਗੁ ਭਰਮਿ ਭੁਲਾਇਆ ਮੋਹ ਠਗਉਲੀ ਪਾਇ॥ ਜਿਨਾ ਸਤਿਗੁਰੁ ਭੇਟਿਆ ਤਿਨ ਨੇੜਿ ਨ ਭਿਟੈ ਮਾਇ॥ (੨੩੩)

(੪੪) ਕੀਰਤਨ ਦਾਤਾ

- ਅਖੰਡ ਕੀਰਤਨੁ ਤਿਨਿ ਭੋਜਨੁ ਚੂਰਾ॥ ਕਹੁ ਨਾਨਕ ਜਿਸੁ ਸਤਿਗੁਰੁ ਪੂਰਾ॥ (੨੩੬)

- ਹਉ ਅਨਦਿਨੁ ਹਰਿ ਨਾਮੁ ਕੀਰਤਨੁ ਕਰਉ॥
ਸਤਿਗੁਰਿ ਮੋ ਕਉ ਹਰਿ ਨਾਮੁ ਬਤਾਇਆ ਹਉ ਹਰਿ ਬਿਨੁ ਖਿਨੁ ਪਲੁ ਰਹਿ ਨ ਸਕਉ॥ (੩੬੯)

- ਗਾਵਤ ਰਹੈ ਜੇ ਸਤਿਗੁਰ ਭਾਵੈ॥ ਮਨੁ ਤਨੁ ਰਾਤਾ ਨਾਮਿ ਸੁਹਾਵੈ॥ (੧੫੮)

